


ਰੋਜ਼ਾਨਾ ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : lokbani08@gmail.com ਬੁੱਧਵਾਰ 01 ਨਵੰਬਰ 2023 ਮੁੱਖ ਸੰਪਾਦਕ - ਅਮਨ ਮਹਿਰਾ (ਜਲੰਧਰ)




R.N.I.Punpun/29016/2008 * ਸਾਲ 15 * ਅੰਕ : 233 * ਮੁੱਲ ; 5.00 ਰੁਪਏ * ਕੁੱਲ ਪੇਜ਼ 10 * ਦਫਤਰ : 0181-2211009 * : M 99155-94111




## ਕਰਵਾ ਚੌਥ ਸਪੇਸ਼ਲ



ਕਰਵਾਚੌਥ ਨੂੰ ਲੈ ਕੇ ਭਾਰਤੀ ਔਰਤਾਂ ਵਿੱਚ ਭਾਰੀ ਉਤਸ਼ਾਹ ਹੈ, ਖਾਸ ਕਰਕੇ ਇਹ ਵਿਆਹੁਤਾ ਔਰਤਾਂ ਦਾ ਸਭ ਤੋਂ ਮਹੱਤਵਪੂਰਨ ਤਿਉਹਾਰ ਹੈ, ਇਸ ਦਿਨ ਵਿਆਹੁਤਾ ਔਰਤਾਂ ਆਪਣੇ ਪਤੀ ਦੀ ਲੰਬੀ ਉਮਰ ਲਈ ਵਰਤ ਰੱਖਦੀਆਂ ਹਨ, ਇਸ ਵਾਰ ਇਹ ਵਰਤ 1 ਨਵੰਬਰ ਯਾਨੀ ਕਿ ਅੱਜ ਮਨਾਇਆ ਜਾ ਰਿਹਾ ਹੈ। ਜਿਸ ਕਾਰਨ ਹੁਣ ਕਰਵਾਚੌਥ ਦੇ ਵਰਤ ਨੂੰ ਲੈ ਕੇ ਪੰਜਾਬ ਦੇ ਬਜ਼ਾਰਾਂ ਵਿੱਚ ਭਾਰੀ ਉਤਸ਼ਾਹ ਹੈ। ਖਾਸ ਕਰਕੇ ਔਰਤਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।

## ਕੇਜਰੀਵਾਲ ਨੂੰ ਈਡੀ 2 ਨੂੰ ਕਰ ਸਕਦੀ ਹੈ ਗ੍ਰਿਫ਼ਤਾਰ-ਆਤਿਸ਼ੀ

ਲੋਕ ਬਾਣੀ/ ਨਵੀਂ ਦਿੱਲੀ, 31 ਅਕਤੂਬਰ

ਆਮ ਆਦਮੀ ਪਾਰਟੀ (ਆਪ) ਦੀ ਨੇਤਾ ਦਿੱਲੀ ਦੀ ਮੰਤਰੀ ਆਤਿਸ਼ੀ ਨੇ ਅੱਜ ਦਾਅਵਾ ਕੀਤਾ ਹੈ ਕਿ ਐਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਕਥਿਤ ਆਬਕਾਰੀ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ ਵਿੱਚ ਪੁੱਛ ਪੜਤਾਲ ਤੋਂ ਬਾਅਦ 2 ਨਵੰਬਰ ਨੂੰ ਗ੍ਰਿਫਤਾਰ ਕਰ ਸਕਦਾ ਹੈ।

## ਪੰਜਾਬ ਚ ਕਾਂਗਰਸੀ ਨੇਤਾ ਦੇ ਪਰਿਵਾਰ ਤੇ ਚੱਲੀਆਂ ਗੋਲੀਆਂ

ਲੋਕ ਬਾਣੀ/ ਨੂਰਪੁਰ ਬੇਦੀ, 31 ਅਕਤੂਬਰ

ਰੂਪਨਗਰ ਜ਼ਿਲ੍ਹੇ ਦੇ ਨੂਰਪੁਰ ਬੇਦੀ ਬਲਾਕ ਦੇ ਪਿੰਡ ਕਰਤਾਰਪੁਰ ਤੋਂ ਕਾਂਗਰਸ ਦੀ ਬਲਾਕ ਸਮਤਿ ਮੈਂਬਰ ਭੋਲੀ ਦੇਵੀ ਦੇ ਪਤੀ ਅਤੇ ਭੈਣ ਨੂੰ ਬੀਤੀ ਰਾਤ ਗੋਲੀਆਂ ਮਾਰ ਕੇ ਹਲਾਕ ਕਰ ਦਿੱਤਾ ਗਿਆ। ਹਮਲਾਵਰਾਂ ਨੇ ਬੀਤੀ ਰਾਤ ਕਰੀਬ 10 ਵਜੇ ਉਨ੍ਹਾਂ ਦੇ ਘਰ ਵਿਚ ਦਾਖ਼ਲ ਹੋ ਕੇ ਗੋਲੀਆਂ ਚਲਾਈਆਂ। ਇਸ ਕਾਰਨ ਦੋ ਦੀ ਮੌਤ ਹੋ ਗਈ, ਜਦ ਕਿ ਨੌਜਵਾਨ ਜ਼ਖ਼ਮੀ ਹੋ ਗਿਆ। ਮਰਨ ਵਾਲਿਆਂ ਦੀ ਪਛਾਣ ਭੋਲੀ ਦੇਵੀ ਦੇ ਪਤੀ ਕਰਮ ਚੰਦ ਪੁੱਤਰ ਸਾਧੂ ਰਾਮ ਅਤੇ ਭੈਣ ਗੀਤਾ ਦੀ ਮੌਤ ਹੋ ਗਈ, ਜਦਕਿ ਉਸ ਦੇ ਪੁੱਤਰ ਸੰਦੀਪ ਕੁਮਾਰ ਪੀਜੀਆਈ ਚੰਡੀਗੜ੍ਹ ਵਿੱਚ ਦਾਖਲ ਹੈ।

## ਪੁਲਿਸ ਅਫਸਰ ਨੂੰ ਅਤਵਾਦੀਆ ਨੇ ਮਾਰੀ ਗੋਲੀ

ਲੋਕ ਬਾਣੀ/ ਸ੍ਰੀਨਗਰ, 31 ਅਕਤੂਬਰ

ਜੰਮੂ ਕਸ਼ਮੀਰ ਦੇ ਬਾਰਾਮੁੱਲਾ ਜ਼ਿਲ੍ਹੇ ਵਿੱਚ ਅਤਿਵਾਦੀਆਂ ਨੇ ਅੱਜ ਪੁਲੀਸ ਮੁਲਾਜ਼ਮ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ। ਮ੍ਰਿਤਕ ਦੀ ਪਛਾਣ ਹੈੱਡ ਕਾਂਸਟੇਬਲ ਗ਼ੁਲਾਮ ਮੁਹੰਮਦ ਡਾਰ ਵਾਸੀ ਪੱਟਨ ਇਲਾਕੇ ਦੇ ਕਰਾਲਪੋਰਾ ਵਜੋਂ ਹੋਈ ਹੈ।

## ਭਾਰਤੀ ਯਾਤਰੀਆਂ ਲਈ ਥਾਈਲੈਂਡ ਨੇ ਵੀਜ਼ਾ ਸ਼ਰਤਾਂ ਖਤਮ ਕੀਤੀਆਂ

ਲੋਕ ਬਾਣੀ/ ਨਵੀਂ ਦਿੱਲੀ, 31 ਅਕਤੂਬਰ

ਥਾਈਲੈਂਡ ਨੇ ਅਗਲੇ ਮਹੀਨੇ ਤੋਂ ਮਈ 2024 ਤੱਕ ਭਾਰਤ ਅਤੇ ਤਾਇਵਾਨ ਦੇ ਯਾਤਰੀਆਂ ਲਈ ਵੀਜ਼ਾ ਸ਼ਰਤਾਂ ਨੂੰ ਮੁਆਫ ਕਰਨ ਦਾ ਫੈਸਲਾ ਕੀਤਾ ਹੈ, ਕਿਉਂਕਿ ਦੇਸ਼ ਆਪਣੀ ਆਰਥਿਕਤਾ ਨੂੰ ਸੁਧਾਰਨ ਲਈ ਸੀਜ਼ਨ ਵਿੱਚ ਵਧੇਰੇ ਸੈਲਾਨੀਆਂ ਨੂੰ ਖਿੱਚਣਾ ਚਾਹੁੰਦਾ ਹੈ।

## ਆਪ ਦੇ ਵਿਧਾਇਕ ਘਰ ਈਡੀ ਨੇ ਮਾਰੇ ਛਾਪੇ

ਲੋਕ ਬਾਣੀ/ ਚੰਡੀਗੜ੍ਹ, ਵਿਨੋਦ ਸ਼ਰਮਾ

ਮੁਹਾਲੀ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਅਤੇ ਰੀਅਲ ਅਸਟੇਟ ਕਾਰੋਬਾਰੀ ਕੁਲਵੰਤ ਸਿੰਘ ਦੇ ਘਰ ਈਡੀ ਨੇ ਛਾਪੇ ਮਾਰੇ। ਈਡੀ ਦੀ ਵਿਸ਼ੇਸ਼ ਟੀਮ ਅੱਜ ਸਵੇਰੇ ਮੁਹਾਲੀ ਦੇ ਸੈਕਟਰ-71 ਸਥਿਤ ਵਿਧਾਇਕ ਕੁਲਵੰਤ ਸਿੰਘ ਦੇ ਘਰ ਪਹੁੰਚ ਗਈ।

## ਟ੍ਰੈਫਿਕ ਨਿਯਮਾਂ ਸਬੰਧੀ ਵੱਡੇ ਵੱਡੇ ਦਾਅਵੇ ਕਰਨ ਵਾਲੇ ਟਰਾਂਸਪੋਰਟ ਮੰਤਰੀ ਲਾਲਜੀਤ ਭੁੱਲਰ ਖੁਦ ਭੁੱਲੇ ਟ੍ਰੈਫਿਕ ਨਿਯਮ

### ਟ੍ਰੈਫਿਕ ਨਿਯਮਾਂ ਦੀਆ ਧੱਜੀਆ ਉਡਾਉਣ ਵਾਲੇ ਟਰਾਂਸਪੋਰਟ ਮੰਤਰੀ ਲਾਲਜੀਤ ਭੁੱਲਰ ਦਾ ਕੀਤਾ ਜਾਵੇ ਚਲਾਨ - ਨਵਦੀਪ ਸਿੰਘ



ਲੋਕ ਬਾਣੀ/ ਤਰਨ ਤਾਰਨ (ਰਵੀ ਕਰਨ)

ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਭੁੱਲਰ ਦੀ ਇੱਕ ਵੀਡੀਓ ਸੋਸ਼ਲ ਮੀਡਿਆ ਤੇ ਚਰਚਾ ਦਾ ਵਿਸ਼ਾ ਬਣੀ ਹੈ ਜਿਸ ਵਿੱਚ ਮੰਤਰੀ ਲਾਲਜੀਤ ਭੁੱਲਰ ਆਪਣੀ ਕਾਰ ਵਿੱਚ ਬਿਨਾਂ ਸੀਟ ਬੈਲਟ ਲਗਾਏ ਰੋਡ ਤੇ ਘੁੰਮਦੇ ਨਜ਼ਰ ਆ ਰਹੇ ਸਨ । ਦੱਸ ਦਈਏ ਕਿ ਰੋਡ ਸੇਫਟੀ ਸੈਮੀਨਾਰ ਦੌਰਾਨ ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਵਲੋ ਪੰਜਾਬ ਦੀ ਜਨਤਾ ਨੂੰ ਟ੍ਰੈਫਿਕ ਨਿਯਮਾ ਦੀਆ ਪਾਲਣਾ ਕਰਨ ਸਬੰਧੀ ਅਪੀਲ ਕੀਤੀ ਗਈ ਸੀ ਅਤੇ ਆਪ ਖੁਦ ਮੰਤਰੀ ਲਾਲਜੀਤ ਸਿੰਘ ਭੁੱਲਰ ਟ੍ਰੈਫਿਕ ਨਿਯਮਾ ਦੀ ਪਾਲਣਾ ਨਹੀ ਕਰਦੇ ਦਿਖਾਈ ਦਿੱਤੇ ।

### ਮੰਤਰੀ ਲਾਲਜੀਤ ਭੁੱਲਰ ਅਤੇ ਉਸਦੇ ਕਾਫਲੇ ਦਾ ਕੀਤਾ ਜਾਵੇ ਚਲਾਨ - ਨਵਦੀਪ ਸਿੰਘ



ਪੱਤਰਕਾਰਾਂ ਨਾਲ ਗੱਲ ਬਾਤ ਕਰਦਿਆਂ ਨਵਦੀਪ ਸਿੰਘ ਨੇ ਕਿਹਾ ਪੰਜਾਬ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਭੁੱਲਰ ਪੰਜਾਬ ਵਾਸੀਆਂ ਨੂੰ ਟ੍ਰੈਫਿਕ ਨਿਯਮਾਂ ਦੀਆ ਪਾਲਣਾ ਕਰਨ ਸਬੰਧੀ ਬਿਆਨ ਦਿੰਦੇ ਹਨ ਅਤੇ ਖੁਦ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਕਾਰ ਵਿੱਚ ਬਿਨਾਂ ਸੀਟ ਬੈਲਟ ਰੋਡ ਤੇ ਘੁੰਮਦੇ ਹਨ । ਨਵਦੀਪ ਸਿੰਘ ਨੇ ਕਿਹਾ ਕਿ ਮੰਤਰੀ ਲਾਲਜੀਤ ਭੁੱਲਰ ਨੇ ਖੁਦ ਤਾ ਟ੍ਰੈਫਿਕ ਨਿਯਮ ਤੋੜੇ ਓਹਨਾ ਦੇ ਨਾਲ ਨਾਲ ਸੁਰੱਖਿਆ ਵਿੱਚ ਤਾਇਨਾਤ ਪੁਲਿਸ ਕਰਮਚਾਰੀਆਂ ਅਤੇ ਮੰਤਰੀ ਦੇ ਕਰੀਬੀ ਸਾਥੀਆ ਨੇ ਵੀ ਟ੍ਰੈਫਿਕ ਨਿਯਮਾਂ ਦੀ ਕੋਈ ਪਰਵਾਹ ਨਹੀਂ ਕੀਤੀ । ਨਵਦੀਪ ਸਿੰਘ ਨੇ ਐਸ. ਐਸ. ਪੀ ਤਰਨ ਤਾਰਨ ਪਾਸੋ ਮੰਗ ਕੀਤੀ ਹੈ ਕਿ ਟ੍ਰੈਫਿਕ ਨਿਯਮਾਂ ਦੀਆ ਧੱਜੀਆ ਉਡਾਉਣ ਵਾਲੇ ਟਰਾਂਸਪੋਰਟ ਮੰਤਰੀ ਲਾਲਜੀਤ ਭੁੱਲਰ ਅਤੇ ਉਸਦੇ ਕਾਫਲੇ ਦਾ ਤੁਰੰਤ ਚਲਾਨ ਕੀਤਾ ਜਾਵੇ।

### ਵਾਇਰਲ ਟਰਾਂਸਪੋਰਟ ਮੰਤਰੀ ਦੀ ਵੀਡੀਓ ਬਾਰੇ ਮਜੀਠੀਆਂ ਨੇ ਕੀਤੀ ਟਿੱਪਣੀ





ਬਿਕਰਮ ਮਜੀਠੀਆਂ ਨੇ ਮੰਤਰੀ ਲਾਲਜੀਤ ਭੁੱਲਰ ਵੀਡੀਓ ਸ਼ੇਅਰ ਕਰਦਿਆਂ ਸੋਸ਼ਲ ਮੀਡਿਆ ਤੇ ਟਿੱਪਣੀਆਂ ਕਰਦੇ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਦਾ ਪਾਠ ਪੜ੍ਹਾਉਣ ਵਾਲੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਆਪ ਟ੍ਰੈਫਿਕ ਨਿਯਮਾਂ ਦੀਆ ਧੱਜੀਆ ਉਡਾਓਂਦੇ ਹੋਏ.. ਕਾਰ ਵਿੱਚ ਬਿਨਾਂ ਸੀਟ ਬੈਲਟ ਪਾਏ ਫ਼ਖ਼ਰ ਮਹਿਸੂਸ ਕਰਦੇ ਮੰਤਰੀ ਸਾਹਿਬ.. ਇਹ ਪਹਿਲੀ ਵਾਰ ਨਹੀਂ ਜਦੋ ਭੁੱਲਰ ਸਾਹਿਬ ਵਲੋਂ ਟ੍ਰੈਫਿਕ ਨਿਯਮਾਂ ਦੀਆ ਧੱਜੀਆ ਉਡਾਈਆਂ ਗਈਆਂ ਹੋਣ.. ਅਕਸਰ ਹੀ ਜਨਾਬ ਅਜਿਹੇ ਕੰਮ ਕਰਦੇ ਹਨ

### ਕੀ ਕਹਿੰਦੇ ਨੇ ਪੱਟੀ ਦੇ ਟ੍ਰੈਫਿਕ ਇੰਚਾਰਜ ਦਲੀਪ ਕੁਮਾਰ



ਇਸ ਮਾਮਲੇ ਬਾਰੇ ਜਦੋ ਪੱਟੀ ਦੇ ਟ੍ਰੈਫਿਕ ਇੰਚਾਰਜ ਦਲੀਪ ਕੁਮਾਰ ਨਾਲ ਗੱਲ ਬਾਤ ਕੀਤੀ ਗਈ ਤਾ ਟ੍ਰੈਫਿਕ ਇੰਚਾਰਜ ਦਲੀਪ ਕੁਮਾਰ ਨੇ ਕਿਹਾ ਕਿ ਨੈਸ਼ਨਲ ਹਾਈਵੇ ਤੇ ਜਦੋ ਗੱਡੀ ਚੱਲਦੀ ਹੈ ਉਸ ਸਮੇ ਸੀਟ ਬੈਲਟ ਲਗਾਉਣੀ ਲਾਜ਼ਮੀ ਹੈ । ਜਦੋ ਟ੍ਰੈਫਿਕ ਇੰਚਾਰਜ ਨੂੰ ਮੰਤਰੀ ਲਾਲਜੀਤ ਭੁੱਲਰ ਵਲੋ ਸੀਟ ਬੈਲਟ ਨਾ ਲਗਾਈ ਹੋਣ ਬਾਰੇ ਚਲਾਨ ਸਬੰਧੀ ਸਵਾਲ ਕੀਤਾ ਗਿਆ ਤਾ ਟ੍ਰੈਫਿਕ ਇੰਚਾਰਜ ਦਲੀਪ ਕੁਮਾਰ ਨੇ ਕੋਈ ਸਪੱਸ਼ਟ ਜਵਾਬ ਨ ਦਿੰਦੇ ਹੋਏ ਫ਼ੋਨ ਕੱਟ ਦਿੱਤਾ ।

*ਇਸ ਸਾਰੇ ਮਾਮਲੇ ਬਾਰੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨਾਲ ਗੱਲ ਬਾਤ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾ ਮੰਤਰੀ ਲਾਲਜੀਤ ਭੁੱਲਰ ਨੇ ਫ਼ੋਨ ਨਹੀ ਉਠਾਇਆ ।*

# ਮਾੜੇ ਅਨਸਰਾਂ ਖਿਲਾਫ ਜਾਰੀ ਮੁਹਿੰਮ ਤਹਿਤ ਵੱਡੀ ਸਫਲਤਾ ਹਾਸਲ ਕਰਦਿਆਂ 01 ਦੋਸ਼ੀ ਨੂੰ ਕਾਬੂ ਕਰਕੇ 01 ਪਿਸਟਲ 32 ਬੋਰ ਅਤੇ 02 ਜਿੰਦਾ ਰੌਂਦ ਬਰਾਮਦ ਕੀਤੇ

ਲੋਕ ਬਾਣੀ/ ਫਿਰੋਜ਼ਪੁਰ, 31 ਅਕਤੂਬਰ (ਪ੍ਰਮੋਦ ਕੁਮਾਰ)

ਜਿਲ੍ਹਾ ਪੁਲਿਸ, ਫਿਰੋਜਪੁਰ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਪੰਜਾਬ ਸਰਕਾਰ ਅਤੇ ਮਾਨਯੋਗ ਡੀ.ਜੀ.ਪੀ. ਪੰਜਾਬ ਜੀ ਦੇ ਦਿਸ਼ਾਂ ਨਿਰਦੇਸ਼ਾ ਅਨੁਸਾਰ ਸਮਾਜ ਵਿਰੋਧੀ ਅਨਸਰਾਂ ਅਤੇ ਸ਼ਰਾਰਤੀ ਅਨਸਰਾਂ ਦੀਆਂ ਵਾਰਦਾਤਾਂ ਨੂੰ ਪੂਰੀ ਤਰ੍ਹਾਂ ਠੱਲ ਪਾਉਣ ਲਈ ਹਰ ਸੰਭਵ ਕੋਸ਼ਿਸ ਕੀਤੀ ਜਾ ਰਹੀ ਹੈ। ਇਸ ਸੰਬਧੀ ਜਿਲ੍ਹਾ ਪੁਲਿਸ ਦੁਆਰਾ ਜਿਲ੍ਹਾ ਦੇ ਸਮੂਹ ਗਜਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ ਸਪੈਸ਼ਲ ਟੀਮਾਂ ਬਣਾਈਆਂ ਗਈਆਂ ਹਨ, ਜੋ ਮੁਸ਼ਤੈਦੀ ਨਾਲ ਪੂਰੇ ਏਰੀਆ ਅੰਦਰ ਮਾੜੇ ਅਨਸਰਾਂ ਖਿਲਾਫ ਕਾਰਵਾਈ ਕਰ ਰਹੀਆਂ ਹਨ। ਇਸ ਮੁਹਿੰਮ ਤਹਿਤ ਸ਼੍ਰੀ ਰਣਧੀਰ ਕੁਮਾਰ, ਆਈ.ਪੀ.ਐਸ, ਕਪਤਾਨ ਪੁਲਿਸ (ਇੰਨ:) ਫਿਰੋਜਪੁਰ, ਸ਼੍ਰੀ ਬਲਕਾਰ ਸਿੰਘ ਡੀ.ਐਸ.ਪੀ. (ਡੀ) ਫਿਰੋਜ਼ਪੁਰ ਦੀ ਨਿਗਰਾਨੀ ਹੇਠ ਇੰਸਪੈਕਟਰ ਜਸਵੰਤ ਸਿੰਘ ਮੁੱਖ ਅਫਸਰ ਥਾਣਾ ਆਰਿਫ ਕੇ ਦੀ ਅਗਵਾਈ ਹੇਠ ਏ.ਐਸ.ਆਈ ਰਣਜੀਤ ਸਿੰਘ ਥਾਣਾ ਆਰਿਫ ਕੇ ਬਰਾਏ ਚੈਕਿੰਗ ਸ਼ੱਕੀ ਪੁਰਸ਼ਾ ਦੇ ਸਬੰਧ ਵਿੱਚ ਚੁਗੱਤੇ ਵਾਲਾ, ਸੱਦੂ ਸ਼ਾਹ ਵਾਲਾ ਅਤੇ ਭਾਲਾ ਫਰਾਏ ਮੁੱਲ ਆਦਿ ਦਾ ਰਵਾਨਾ ਸੀ ਜਦ ਪੁਲਿਸ ਪਾਰਟੀ ਪਿੰਡ ਚੁੱਗਤੇ ਵਾਲਾ ਦੇ ਪੈਟਰੋਲ ਪੰਪ ਦੇ ਪਾਸ ਮੌਜੂਦ ਸੀ ਤਾਂ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਗੁਰਜੰਟ ਸਿੰਘ ਉਰਫ ਭੱਟੀ ਪੁੱਤਰ ਸ਼ਮਸ਼ੇਰ ਸਿੰਘ ਵਾਸੀ ਸੱਦੂ ਸ਼ਾਹ ਵਾਲਾ ਪਾਸ ਨਜਾਇਜ਼ ਪਿਸਟਲ ਹੈ ਜੋ ਸਵਿਫਟ ਰੰਗ ਲਾਲ ਪਰ ਸਵਾਰ ਹੋ ਕੇ ਪਿੰਡ ਸੱਧੂ ਸ਼ਾਹ ਵਾਲੇ ਨੂੰ ਆ ਰਿਹਾ ਹੈ। ਜੇਕਰ ਹੁਣੇ ਰੇਡ ਕੀਤਾ ਜਾਵੇ ਤਾਂ ਉਸ ਕੋਲੋ ਨਜਾਇਜ ਪਿਸਟਲ ਬਰਾਮਦ ਹੋ ਸਕਦਾ ਹੈ। ਨਾਕਾਬੰਦੀ ਦੌਰਾਨ ਪਿੰਡ ਸੱਧੂ ਸ਼ਾਹ ਵਾਲੇ ਗੁਰਜੰਟ ਸਿੰਘ ਉਰਫ ਭੱਟੀ ਨੂੰ 01 ਪਿਸਟਲ 32 ਬੋਰ ਅਤੇ 02 ਜਿੰਦਾ ਰੌਂਦ ਸਮੇਤ ਕਾਬੂ ਕੀਤਾ ਗਿਆ। ਗੁਰਜੰਟ ਸਿੰਘ ਉਰਫ ਭੱਟੀ ਖਿਲਾਫ ਮੁਕੱਦਮਾ ਨੰ. 56 ਮਿਤੀ 30-10-2023 ਅ/ਧ 25 ਆਰਮਜ ਐਕਟ ਥਾਣਾ ਆਰਿਫ ਕੇ ਦਰਜ ਰਜਿਸਟਰ ਕੀਤਾ ਗਿਆ। ਦੋਸ਼ੀ ਨੂੰ ਪੇਸ਼ ਅਦਾਲਤ ਕਰਕੇ ਪੁਲਿਸ ਰਿਮਾਂਡ ਹਾਸਿਲ ਕੀਤਾ ਜਾਵੇਗਾ ਅਤੇ ਹੋਰ ਗੰਭੀਰਤਾ ਨਾਲ ਪੁੱਛਗਿੱਛ ਕਰਕੇ ਇਨ੍ਹਾਂ ਵੱਲੋਂ ਪਹਿਲਾਂ ਕੀਤੀਆ ਵਾਰਦਾਤਾ ਬਾਰੇ ਪਤਾ ਲਗਾ ਕੇ ਕਾਨੂੰਨ ਅਨੁਸਾਰ ਕਾਰਵਾਈ ਕੀਤੀ ਜਾਵੇਗੀ ਮੁਕੱਦਮਾ ਨੰ. 56 ਮਿਤੀ 30-10-2023 ਅ/ਧ 25 ਆਰਮਜ ਐਕਟ ਥਾਣਾ ਆਰਿਫਦੋਸ਼ੀ ਦਾ ਨਾਮ - ਗੁਰਜੰਟ ਸਿੰਘ ਉਰਫ ਭੱਟੀ ਪੁੱਤਰ ਸ਼ਮਸ਼ੇਰ ਸਿੰਘ ਵਾਸੀ ਸੰਦੂ ਸ਼ਾਹ ਵਾਲਾ ਬ੍ਰਾਮਦਗੀ:- 01 ਪਿਸਟਲ 32 ਬੋਰ ਅਤੇ 02 ਜਿੰਦਾ ਰੌਂਦ ਜ਼ਤਾਲ ਦੌਰਾਨ ਗੁਰਜੰਟ ਸਿੰਘ ਉਰਫ ਬਾਟੀ ਤੇ ਹੇਠ ਲਿਖੇ ਮੁਕੱਦਮੇ ਦਰਜ ਰਜਿਸਟਰ ਹੋਵੇ ਤਾਦੀਕ ਹੋਏ



## ਖੇਤੀਬਾੜੀ ਵਿਭਾਗ ਵੱਲੋਂ ਮੈਸ. ਸਚਦੇਵਾ ਟ੍ਰੇਡਰਜ਼ ਫਿਰੋਜ਼ਪੁਰ ਫਰਮ ਦੀ ਅਚਨਚੇਤ ਚੈਕਿੰਗ ਕੀਤੀ ਗਈ

ਲੋਕ ਬਾਣੀ/ ਫਿਰੋਜ਼ਪੁਰ, 31 ਅਕਤੂਬਰ (ਪ੍ਰਮੋਦ ਕੁਮਾਰ)

ਮੁੱਖ ਖੇਤੀਬਾੜੀ ਅਫਸਰ ਫਿਰੋਜਪੁਰ ਸ੍ਰੀ ਜੰਗੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੈਸ. ਸਚਦੇਵਾ ਟ੍ਰੇਡਰਜ਼ ਫਿਰੋਜ਼ਪੁਰ ਫਰਮ ਦੀ ਅਚਨਚੇਤ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਜੋ ਖਾਦ ਦੇ ਰੈਕ ਲਗਾਏ ਗਏ ਸਨ ਉਨ੍ਹਾਂ ਦੀ ਮੈਸ: ਸਚਦੇਵਾ ਟ੍ਰੇਡਰਜ਼ ਫਿਰੋਜਪੁਰ ਵੱਲੋਂ ਸਹੀ ਢੰਗ ਨਾਲ ਕੀਤੀ ਗਈ ਵੰਡ ਸਬੰਧੀ ਚੈਕਿੰਗ ਕੀਤੀ ਗਈ ਹੈ। ਚੈਕਿੰਗ ਦੌਰਾਨ ਫਰਮ ਦਾ ਸਟਾਕ ਚੈਕ ਕੀਤਾ ਗਿਆ ਅਤੇ ਫਰਮ ਵੱਲੋਂ ਜਿਨ੍ਹਾਂ ਰੀਟੇਲ ਫਰਮਾਂ ਨੂੰ ਖਾਦ ਦਿੱਤੀ ਗਈ ਸੀ ਉਸ ਦੀ ਚੈਕਿੰਗ ਕੀਤੀ ਗਈ ਜੋ ਕਿ ਸਹੀ ਪਾਈ ਗਈ। ਸ੍ਰੀ ਜੰਗੀਰ ਸਿੰਘ ਮੁੱਖ ਖੇਤੀਬਾੜੀ ਅਫਸਰ ਫਿਰੋਜ਼ਪੁਰ ਵੱਲੋਂ ਇਹ ਹਦਾਇਤ ਕੀਤੀ ਗਈ ਕਿ ਜਦੋਂ ਵੀ ਖਾਦ ਦਾ ਰੈਕ ਲਗਾਇਆ ਜਾਵੇ ਖੇਤੀਬਾੜੀ ਵਿਭਾਗ ਫਿਰੋਜ਼ਪੁਰ ਨੂੰ ਇਸ ਬਾਰੇ ਜਾਣਕਾਰੀ ਰੇਕ ਲੱਗਣ ਤੋਂ ਪਹਿਲਾ ਦਿੱਤੀ ਜਾਵੇ ਅਤੇ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਹੀ ਖਾਦ ਦੀ ਵੰਡ ਕੀਤੀ ਜਾਵੇ।

ਚੈਕਿੰਗ ਦੌਰਾਨ ਸ੍ਰੀ ਨੀਰਜ ਸ਼ਰਮਾ ਖੇਤੀਬਾੜੀ ਵਿਕਾਸ ਅਫਸਰ ਫਿਰੋਜ਼ਪੁਰ, ਮਿਸ ਮਨਦੀਪ ਕੌਰ ਖੇਤੀਬਾੜੀ ਵਿਕਾਸ ਅਫਸਰ, ਬਲਾਕ ਫਿਰੋਜਪੁਰ ਅਤੇ ਬਲਾਕ ਫਿਰੋਜ਼ਪੁਰ ਦਾ ਸਟਾਫ ਮੌਕੇ 'ਤੇ ਹਾਜ਼ਰ ਸਨ।

# ਕੰਪਿਊਟਰ ਅਧਿਆਪਕਾਂ 'ਤੇ ਹੋਏ ਲਾਠੀਚਾਰਜ ਦੇ ਵਿਰੋਧ 'ਚ ਪੰਜਾਬ ਸਰਕਾਰ ਦੀ ਅਰਥੀ ਫੂਕੀ

ਲੋਕ ਬਾਣੀ/ ਕਪੂਰਥਲਾ, 31 ਅਕਤੂਬਰ

ਸ਼ਹੀਦ ਭਗਤ ਸਿੰਘ ਚੌਂਕ ਵਿਖੇ ਯੂਨੀਅਨ ਆਗੂ ਅਰੁਣਦੀਪ ਸਿੰਘ ਸੈਦਪੁਰ,ਰਮਨ ਸ਼ਰਮਾ ਅਤੇ ਜਗਜੀਤ ਸਿੰਘ ਥਿੰਦ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਦੇ ਖਿਲਾਫ ਅਰਥੀ ਫੂਕ ਮੁਜ਼ਾਹਰਾ ਕੀਤਾ ਗਿਆ। ਕੰਪਿਊਟਰ ਅਧਿਆਪਕ ਨੇ ਪਹਿਲਾਂ ਬਾਜ਼ਾਰ ਵਿੱਚ ਰੋਸ ਰੈਲੀ ਕੱਢੀ ਅਤੇ ਉਸ ਤੋਂ ਬਾਅਦ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ, ਵਰਨਣਯੋਗ ਹੈ ਕਿ ਸੰਗਰੂਰ ਵਿਖੇ 29 ਅਕਤੂਬਰ ਦੀ ਸੂਬਾ ਪੱਧਰੀ ਰੈਲੀ ਦੌਰਾਨ ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਦੇ ਸੱਦੇ ਤੇ ਆਪਣੀਆਂ ਹੱਕੀ ਅਤੇ ਜਾਇਜ ਮੰਗਾਂ ਲਈ ਕੁੰਭਕਰਨੀ ਨੀਂਦ ਸੁੱਤੀ ਹੋਈ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਨੂੰ ਜਗਾਉਣ ਲਈ ਕੰਪਿਊਟਰ ਅਧਿਆਪਕ ਇੱਕਤਰ ਹੋਏ ਅਤੇ ਸਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਸਨ।



ਜਿਸ ਤੇ ਮੋਜੂਦਾ ਸਰਕਾਰ ਦੀ ਸ਼ਹਿ ਤੇ ਪੁਲਿਸ ਪ੍ਰਸ਼ਾਸ਼ਨ ਵਲੋਂ ਕੰਪਿਊਟਰ ਅਧਿਆਪਕਾਂ ਤੇ ਲਾਠੀਚਾਰਜ ਕੀਤਾ ਅਤੇ ਕੰਪਿਊਟਰ ਅਧਿਆਪਕਾਂ ਤੇ ਅੰਨ੍ਹਾ ਤਸੱਦਦ ਕੀਤਾ। ਜਿਸ ਦੋਰਾਨ ਕਈ ਅਧਿਆਪਕਾਂ ਦੀ ਪੱਗਾਂ ਵੀ ਉਤਾਰੀਆਂ ਗਈਆਂ ਅਤੇ ਮਹਿਲਾ ਅਧਿਆਪਕਾਂ ਨਾਲ ਦੁਰ ਵਿਵਹਾਰ ਕੀਤਾ ਗਿਆ। ਪੰਜਾਬ ਸਰਕਾਰ ਦੇ ਇਸ ਗੈਰ ਮਾਨਵੀ ਅਤੇ ਨਾਦਰਸ਼ਾਹੀ ਕਾਰਵਾਈ ਦੀ ਕੰਪਿਊਟਰ ਅਧਿਆਪਕ ਯੂਨੀਅਨ ਪੰਜਾਬ ਨਿਖੇਧੀ ਕਰਦੀ ਹੈ। ਸਰਕਾਰ ਮੰਗਾਂ ਦੀ ਪੂਰਤੀ ਕਰਨ ਦੀ ਬਜਾਏ ਦਮਨ ਨਾਲ ਸੰਘਰਸ਼ ਨੂੰ ਦਬਾਉਣਾ ਚਾਹੁੰਦੀ ਹੈ ਜਿਸ ਨੂੰ ਕਦੇ ਵੀ ਬਰਦਾਸਤ ਨਹੀ ਕੀਤੀ ਜਾਵੇਗਾ।

ਪੰਜਾਬ ਸਰਕਾਰ ਦੇ ਇਸ ਦਮਨ ਦੇ ਵਿਰੋਧ ਵਿੱਚ ਕੰਪਿਊਟਰ ਅਧਿਆਪਕ ਇਕੱਤਰ ਹੋ ਕੇ ਪੰਜਾਬ ਸਰਕਾਰ ਦੀਆ ਕੰਪਿਊਟਰ ਅਧਿਆਪਕ ਵਿਰੋਧੀ ਨੀਤੀਆ ਵਿਰੁੱਧ ਨਾਅਰੇਬਾਜੀ ਕਰਦੇ ਹੋਏ ਪੰਜਾਬ ਸਰਕਾਰ ਦੀ ਅਰਥੀ ਫੂਕੀ ਗਈ, ਨਾਲ ਹੀ ਪੰਜਾਬ ਸਰਕਾਰ ਤੇ ਆਲਾ ਅਧਿਆਕਾਰੀਆਂ ਨੂੰ ਚੇਤਾਵਨੀ ਦਿੱਤੀ ਗਈ ਜੇਕਰ ਪੰਜਾਬ ਸਰਕਾਰ ਕੰਪਿਊਟਰ ਅਧਿਆਪਕਾਂ ਨਾਲ ਕੀਤਾ ਵਾਅਦਾ 6ਵਾਂ ਪੇਅ ਕਮਿਸ਼ਨ ਅਤੇ ਪੰਜਾਬ ਸਿਵਲ ਸਰਵਿਸ ਨਿਯਮ ਪੂਰਨ ਰੂਪ ਵਿੱਚ ਕੰਪਿਊਟਰ ਤੇ ਲਾਗੂ ਕਰਨ ਆਉਣ ਦਿਨਾਂ ਵਿੱਚ ਪੂਰਾ ਨਹੀਂ ਕੀਤਾ ਜਾਂਦਾ ਤਾਂ 11 ਨਵੰਬਰ ਨੂੰ ਸ਼੍ਰੀ ਅਨੰਦਪੁਰ ਸਾਹਿਬ ਵਿਖੇ ਸੂਬਾ ਪੱਧਰੀ ਰੈਲ਼ੀ ਕੀਤੀ ਜਾਵੇਗੀ ਅਤੇ ਪੰਜਾਬ ਸਰਕਾਰ ਦੇ ਰਾਜਨੀਤਿਕ ਤੇ ਸਰਕਾਰੀ ਫੰਕਸ਼ਨਾਂ ਵਿੱਚ ਘੁਸਪੈਠ ਕਰਕੇ ਕੰਪਿਊਟਰ ਅਧਿਆਪਕਾਂ ਨਾਲ ਕੀਤੇ ਵਿਧਾਇਕਾਂ ਵਾਅਦੇ, ਗਰੰਟੀ ਪੱਤਰ ਅਤੇ ਨਿਯੁਕਤੀ ਪੱਤਰਾਂ ਨੂੰ ਲੋਕਾਂ ਸਾਹਮਣੇ ਉਜਾਗਰ ਕੀਤਾ ਜਾਵੇਗਾ।ਜਿਸ ਦੀ ਪੂਰਨ ਜਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

ਇਸ ਵਿਰੋਧ ਪ੍ਰਦਰਸ਼ਨ ਦੌਰਾਨ ਸੀਨੀਅਰ ਆਗੂ ਅਰੁਨਦੀਪ ਸਿੰਘ ਸੈਦਪੁਰ, ਜਿਲ੍ਹਾ ਪ੍ਰਧਾਨ ਰਮਨ ਸ਼ਰਮਾ, ਜਨਰਲ ਸਕੱਤਰ ਜਗਜੀਤ ਸਿੰਘ ਥਿੰਦ, ਪਰਮਜੀਤ ਸਿੰਘ, ਗੁਰਵਿੰਦਰ ਸਿੰਘ, ਰਣਜੀਤ ਸਿੰਘ, ਹਰਮਿੰਦਰ ਸਿੰਘ, ਬੀਰ ਮੋਹਨ, ਗੁਰਭੇਜ ਸਿੰਘ, ਵਿਪਨ, ਗੁਰਪ੍ਰੀਤ ਸਿੰਘ, ਮੋਹਿਤ ਸ਼ਰਮਾ, ਤਲਵਿੰਦਰ ਸਿੰਘ, ਸੁਰਜੀਤ ਸਿੰਘ, ਸੁੱਖਵਿੰਦਰ ਸਿੰਘ, ਅਨਮੋਲ ਸਹੋਤਾ, ਸੁਰਿੰਦਰ ਸਿੰਘ, ਜਗਦੀਪ ਜੰਮੂ, ਜਗਦੀਪ ਸਿੰਘ, ਪਵਨ ਕੁਮਾਰ, ਰਮਨਦੀਪ ਸਿੰਘ, ਕੁਲਵਿੰਦਰ ਸਿੰਘ, ਪੂਨਮ ਖੋਸਲਾ, ਬਲਵਿੰਦਰ ਕੌਰ, ਹੇਮ ਲਤਾ, ਸਾਰੀਕਾ, ਬਲਜਿੰਦਰ ਕੌਰ ਆਦਿ ਹਾਜ਼ਰ ਸਨ।

# ਮਨਪ੍ਰੀਤ ਬਾਦਲ ਵਿਜੀਲੈਂਸ ਵਲੋਂ ਗ੍ਰਿਫਤਾਰ, ਮੌਕੇ 'ਤੇ ਹੀ ਮਿਲੀ ਜ਼ਮਾਨਤ

**ਲੋਕ ਬਾਣੀ/ ਬਠਿੰਡਾ, 31 ਅਕਤੂਬਰ**



ਸਾਬਕਾ ਵਿੱਤ ਮੰਤਰੀ ਮਨਪ੍ਰੀਤ ਬਾਦਲ ਅੱਜ ਵਿਜੀਲੈਂਸ ਸਾਹਮਣੇ ਪੇਸ਼ ਹੋਏ। ਪਰ ਇਸੇ ਦੌਰਾਨ ਹੀ ਵਿਜੀਲੈਂਸ ਵਲੋਂ ਮਨਪ੍ਰੀਤ ਬਾਦਲ ਨੂੰ ਗ੍ਰਿਫਤਾਰ ਕਰ ਲਿਆ ਗਿਆ, ਜਦੋਂਕਿ ਮੌਕੇ ਤੇ ਹੀ ਬਾਦਲ ਨੂੰ ਜ਼ਮਾਨਤ ਮਿਲ ਗਈ। ਦੱਸ ਦਈਏ ਕਿ, ਮਨਪ੍ਰੀਤ ਬਾਦਲ ਆਪਣੇ ਵਕੀਲ ਦੇ ਨਾਲ ਵਿਜੀਲੈਂਸ ਦਫ਼ਤਰ ਪੁੱਜੇ।

ਮੀਡੀਆ ਨਾਲ ਗੱਲਬਾਤ ਦੌਰਾਨ ਬਾਦਲ ਨੇ ਕਿਹਾ ਕਿ, ਮੈਂ ਵਿਜੀਲੈਂਸ ਦੁਆਰਾ ਕੀਤੀ ਗਈ ਜਾਂਚ ਦਾ ਸਵਾਗਤ ਕਰਦਾ ਹਾਂ। ਉਨ੍ਹਾਂ ਕਿਹਾ ਕਿ, ਕਿਸੇ ਤੇ ਵੀ ਪਰਚਾ ਦਰਜ ਹੋਣ ਦੇ ਨਾਲ ਉਹ ਦੋਸ਼ੀ ਨਹੀਂ ਹੋ ਜਾਂਦਾ। ਉਨ੍ਹਾਂ ਮੰਗ ਕੀਤੀ ਕਿ, ਮੇਰਾ ਕੇਸ ਵਿਜੀਲੈਂਸ ਦੀ ਬਿਜਾਏ ਸੀਬੀਆਈ ਨੂੰ ਦਿੱਤਾ ਜਾਵੇ, ਤਾਂ ਜੋ ਦੁੱਧ ਦਾ ਦੁੱਧ ਤੇ ਪਾਣੀ ਦਾ ਪਾਣੀ ਹੋ ਸਕੇ।

# ਕੱਚੇ ਮੁਲਾਜ਼ਮ ਬਿਨ੍ਹਾਂ ਸ਼ਰਤ ਪੱਕੇ ਕਰਵਾਉਣ ਲਈ ਉਲੀਕਿਆ ਜਾਵੇਗਾ ਸਾਂਝਾ ਸੰਘਰਸ਼

**ਲੋਕ ਬਾਣੀ/ ਸੰਗਰੂਰ, 31 ਅਕਤੂਬਰ**

ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਦੀ ਸੂਬਾ ਪੱਧਰੀ ਵਿਸਥਾਰੀ ਮੀਟਿੰਗ ਸਥਾਨਕ ਵੇਰਕਾ ਚੌਂਕ ਵਿਖੇ ਕੀਤੀ ਗਈ। ਇਸ ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਵਣ ਵਿਭਾਗ ਵਿੱਚ ਕੰਮ ਕਰਦੇ ਸਾਰੇ ਕੱਚੇ ਮੁਲਾਜ਼ਮਾਂ ਨੂੰ ਬਿਨ੍ਹਾਂ ਸ਼ਰਤ ਪੱਕਾ ਕਰਵਾਉਣ ਅਤੇ ਹੋਰ ਮੰਗਾਂ ਲਈ ਜਲਦ ਹੀ ਪੰਜਾਬ ਦੇ ਕੱਚੇ ਮੁਲਾਜ਼ਮਾਂ ਤੇ ਮਾਣ ਭੱਤਾ ਵਰਕਰਾਂ ਦੀਆਂ ਜਥੇਬੰਦੀਆਂ ਨਾਲ ਮਿਲਕੇ ਪੰਜਾਬ ਸਰਕਾਰ ਖਿਲਾਫ਼ ਵਿਸ਼ਾਲ ਸਾਂਝੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।



ਮੀਟਿੰਗ ਤੋਂ ਪ੍ਰੈੱਸ ਦੇ ਨਾਮ ਬਿਆਨ ਜਾਰੀ ਕੀਤਾ ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਦੇ ਸੂਬਾ ਪ੍ਰਧਾਨ ਰਛਪਾਲ ਸਿੰਘ ਜੋਧਾਨਗਰੀ ਅਤੇ ਜਰਨਲ ਸਕੱਤਰ ਬਲਵੀਰ ਸਿੰਘ ਸਿਵੀਆ ਨੇ ਆਖਿਆ ਕਿ ਜੰਗਲਾਤ ਵਿਭਾਗ ਵਿੱਚ 20-20 ਸਾਲਾਂ ਤੋਂ ਲਗਾਤਾਰ ਕੰਮ ਕਰਦੇ ਆ ਰਹੇ ਮੁਲਾਜ਼ਮਾਂ ਨੂੰ ਜਿਥੇ ਪਿਛਲੀਆਂ ਸਰਕਾਰਾਂ ਨੇ ਪੱਕਾ ਨਹੀਂ ਕੀਤਾ ਓਥੇ ਆਮ ਆਦਮੀ ਪਾਰਟੀ ਦੀ ਮੌਜੂਦਾ ਸਰਕਾਰ ਵੀ ਪਿਛਲੇ ਡੇਢ ਸਾਲ ਤੋਂ ਸਿਰਫ਼ ਲਾਰੇ ਲੱਪੇ ਹੀ ਲਾਉਂਦੀ ਆ ਰਹੀ ਹੈ ਅਤੇ ਅਜੇ ਤੱਕ ਕਿਸੇ ਵੀ ਮੁਲਾਜ਼ਮ ਨੂੰ ਪੱਕਾ ਨਹੀਂ ਕੀਤਾ ਗਿਆ।

ਉਹਨਾਂ ਆਖਿਆ ਕਿ ਅੱਜ ਦੀ ਮੀਟਿੰਗ ਦੌਰਾਨ ਸੰਗਰੂਰ ਪ੍ਰਸ਼ਾਸਨ ਰਾਹੀਂ ਮੁੱਖ ਮੰਤਰੀ ਨੂੰ ਮੰਗ-ਪੱਤਰ ਭੇਜਕੇ ਮੰਗ ਕੀਤੀ ਗਈ ਹੈ ਕਿ ਪੰਜਾਬ ਦੇ ਕੱਚੇ, ਠੇਕਾ ਅਤੇ ਦਿਹਾੜੀਦਾਰ ਵਰਕਰਾਂ ਨੂੰ ਪੱਕਾ ਕਰਨ ਲਈ ਬਣਾਈ ਗਈ 2023 ਦੀ ਨੀਤੀ ਵਿੱਚ ਵਣ ਵਿਭਾਗ ਦੇ ਵਰਕਰਾਂ ਦੀਆਂ ਸੇਵਾਵਾਂ ਨੂੰ ਪੱਕਾ ਕਰਨ ਲਈ ਗੈਪ ਅਤੇ ਅਨਪੜ ਦੀ ਸ਼ਰਤ ਹਟਾਈ ਜਾਵੇ, 2023 ਦੀ ਨੀਤੀ ਅਨੁਸਾਰ 16-05-2023 ਤੱਕ 10 ਸਾਲ ਦੀ ਸੇਵਾ ਪੂਰੀ ਕਰਨ ਵਾਲੇ ਅਤੇ ਪ੍ਰਤੀ ਸਾਲ 240 ਦਿਨ ਕੰਮ ਕਰਨ ਵਾਲੇ ਸਾਰੇ ਵਰਕਰਾਂ ਨੂੰ ਪੱਕਾ ਕਰਨ ਲਈ 240 ਦਿਨਾਂ ਦੀ ਗਿਣਤੀ ਕਰਦੇ ਸਮੇਂ ਹਰੇਕ ਮਹੀਨੇ ਵਿੱਚ 26 ਦਿਨ ਦੀ ਬਜਾਏ 30 ਦਿਨਾਂ ਦੀ ਗਿਣਤੀ ਕੀਤੀ ਜਾਵੇ।

ਵਿਭਾਗੀ ਅਣਗਹਿਲੀ ਕਾਰਨ ਸੀਨੀਆਰਤਾ ਸੂਚੀ ਤੋਂ ਬਾਹਰ ਰਹਿ ਗਏ ਉਹਨਾਂ ਸਾਰੇ ਵਰਕਰਾਂ ਨੂੰ ਸੂਚੀ ਵਿਚ ਸ਼ਾਮਿਲ ਕੀਤਾ ਜਾਵੇ ਜਿਹਨਾਂ ਨੇ ਵਿਭਾਗ ਵਿੱਚ 10 ਤੋਂ ਵੱਧ ਕੰਮ ਕੀਤਾ ਹੈ। ਮੁਲਾਜ਼ਮ ਆਗੂਆਂ ਨੇ ਆਖਿਆ ਕਿ ਜੇਕਰ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਸਾਡੀਆਂ ਮੰਗਾਂ ਪੂਰੀਆਂ ਨਾ ਕੀਤੀਆਂ ਗਈਆਂ ਤਾਂ ਲੋਕ ਸਭਾ ਚੋਣਾਂ ਦੇ ਪ੍ਰਚਾਰ ਦੌਰਾਨ ਆਮ ਆਦਮੀ ਪਾਰਟੀ ਦੇ ਵੱਖ-ਵੱਖ ਆਗੂਆਂ ਦਾ ਘਿਰਾਓ ਕਰਕੇ ਉਹਨਾਂ ਨੂੰ ਵਾਅਦੇ ਪੂਰੇ ਨਾ ਕਰਨ ਬਾਰੇ ਸਵਾਲ ਪੁੱਛੇ ਜਾਣਗੇ ਤਾਂ ਕਿ ਆਮ ਆਦਮੀ ਪਾਰਟੀ ਦੀ ਕਹਿਣੀ ਤੇ ਕਰਨੀ ਵਿਚਲਾ ਫਰਕ ਲੋਕਾਂ ਦੇ ਸਾਹਮਣੇ ਨੰਗਾ ਕੀਤਾ ਜਾ ਸਕੇ।

# ਦੇਸ਼ ਦਾ ਸਭ ਤੋਂ ਵੱਡਾ ਡਾਟਾ ਲੀਕ ! 81 ਕਰੋੜ ਭਾਰਤੀਆਂ ਦੇ ਵੇਰਵਿਆਂ ਨੂੰ ਲੈ ਕੇ ਵੱਡਾ ਦਾਅਵਾ, ਜਾਣੋ ਪੂਰਾ ਮਾਮਲਾ

ਦੇਸ਼ ਦਾ ਸਭ ਤੋਂ ਵੱਡਾ ਡਾਟਾ ਲੀਕ ਸਾਹਮਣੇ ਆ ਰਿਹਾ ਹੈ। ਰਿਪੋਰਟਾਂ ਮੁਤਾਬਕ 81 ਕਰੋੜ ਭਾਰਤੀਆਂ ਦੇ ਵੇਰਵੇ ਵਿਕਰੀ ਲਈ ਰੱਖੇ ਗਏ ਹਨ। ਰਿਪੋਰਟਾਂ ਮੁਤਾਬਕ ਇੰਡੀਅਨ ਕੌਂਸਲ ਆਫ ਮੈਡੀਕਲ ਰਿਸਰਚ ਕੋਲ 81.5 ਕਰੋੜ ਭਾਰਤੀਆਂ ਦੇ ਵੇਰਵੇ ਵੇਚੇ ਜਾ ਰਹੇ ਹਨ। ਮੰਨਿਆ ਜਾ ਰਿਹਾ ਹੈ ਕਿ ਇਹ ਦੇਸ਼ ਦਾ ਹੁਣ ਤੱਕ ਦਾ ਸਭ ਤੋਂ ਵੱਡਾ ਡਾਟਾ ਲੀਕ ਹੈ।



ਅੰਗਰੇਜ਼ੀ ਨਿਊਜ਼ ਵੈੱਬਸਾਈਟ ਨਿਊਜ਼ 18 ਦੀ ਰਿਪੋਰਟ ਮੁਤਾਬਕ ਆਈਸੀਐੱਮਆਰ ਸ਼ਿਕਾਇਤ ਦਰਜ ਕਰਨ ਤੋਂ ਬਾਅਦ ਸੀਬੀਆਈ ਮਾਮਲੇ ਦੀ ਜਾਂਚ ਕਰ ਸਕਦੀ ਹੈ। ਇਸ ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਇਹ ਕਦਮ ਚੁੱਕਿਆ ਗਿਆ ਹੈ। ਇਸ ਵਿੱਚ ਆਧਾਰ ਅਤੇ ਪਾਸਪੋਰਟ ਦੀ ਜਾਣਕਾਰੀ ਦੇ ਨਾਲ ਲੋਕਾਂ ਦੇ ਨਾਮ, ਫ਼ੋਨ ਨੰਬਰ ਅਤੇ ਪਤੇ ਸ਼ਾਮਲ ਹਨ। ਇਹ ਦਾਅਵਾ ਕੀਤਾ ਗਿਆ ਹੈ ਕਿ ਲੋਕਾਂ ਦੇ ਕੋਵਿਡ -19 ਟੈਸਟ ਦੌਰਾਨ ਕੱਢੇ ਗਏ ਡੇਟਾ ਨੂੰ ICMR ਤੋਂ ਪ੍ਰਾਪਤ ਕੀਤਾ ਗਿਆ ਸੀ। ਡੇਟਾਬੇਸ ਦੀ ਮਸ਼ਹੂਰੀ ਧਮਕੀ ਦੇਣ ਵਾਲੇ ਐਕਟਰ ਦੁਆਰਾ ਕੀਤੀ ਗਈ ਹੈ। ਉਸ ਦਾ ਟਵਿੱਟਰ ਹੈਂਡਲ ਵੀ ਹੈ। ਹਾਲਾਂਕਿ ਅਜੇ ਤੱਕ ਇਹ ਪਤਾ ਨਹੀਂ ਲੱਗ ਸਕਿਆ ਹੈ ਕਿ ਡੇਟਾ ਕਿੱਥੋਂ ਲੀਕ ਹੋਇਆ ਹੈ।

ਸੂਤਰਾਂ ਦੇ ਅਨੁਸਾਰ, ਕਿਹਾ ਗਿਆ ਹੈ ਕਿ ICMR ਫਰਵਰੀ ਤੋਂ ਕਈ ਸਾਈਬਰ ਹਮਲੇ ਦੀਆਂ ਕੋਸ਼ਿਸ਼ਾਂ ਦਾ ਸਾਹਮਣਾ ਕਰ ਰਿਹਾ ਹੈ। ਕੇਂਦਰੀ ਏਜੰਸੀਆਂ ਦੇ ਨਾਲ-ਨਾਲ ਕੌਂਸਲ ਨੂੰ ਇਸ ਬਾਰੇ ਪਤਾ ਸੀ। ਪਿਛਲੇ ਸਾਲ, ICMR ਸਰਵਰ ਨੂੰ ਹੈਕ ਕਰਨ ਦੀਆਂ 6,000 ਤੋਂ ਵੱਧ ਕੋਸ਼ਿਸ਼ਾਂ ਕੀਤੀਆਂ ਗਈਆਂ ਸਨ। ਏਜੰਸੀਆਂ ਨੇ ICMR ਨੂੰ ਕਿਸੇ ਵੀ ਤਰ੍ਹਾਂ ਦੇ ਡੇਟਾ ਲੀਕ ਨੂੰ ਰੋਕਣ ਲਈ ਕਦਮ ਚੁੱਕਣ ਲਈ ਵੀ ਕਿਹਾ ਹੈ। ਸੂਤਰਾਂ ਮੁਤਾਬਕ ਨੋਡਲ ਏਜੰਸੀ ਨੇ ICMR ਨੂੰ ਹੈਕਿੰਗ ਅਤੇ ਫਿਸ਼ਿੰਗ ਦੇ ਖ਼ਤਰਿਆਂ ਬਾਰੇ ਸੂਚਿਤ ਕਰ ਦਿੱਤਾ ਹੈ। ਜਾਣਕਾਰੀ ਮੁਤਾਬਕ ਨਮੂਨੇ ਦਾ ਡਾਟਾ ICMR ਡਾਟਾ ਤੋਂ ਆ ਰਿਹਾ ਹੈ। ਮੰਤਰਾਲੇ ਅਤੇ ਏਜੰਸੀਆਂ ਇਸ ਨੂੰ ਲੈ ਕੇ ਚੌਕਸ ਹੋ ਗਈਆਂ ਹਨ। ਇਸ ਦੀ ਸੰਵੇਦਨਸ਼ੀਲਤਾ ਨੂੰ ਦੇਖਦੇ ਹੋਏ ਕਈ ਸੀਨੀਅਰ ਅਧਿਕਾਰੀਆਂ ਨੂੰ ਵੀ ਇਸ 'ਚ ਸ਼ਾਮਲ ਕੀਤਾ ਗਿਆ ਹੈ। ਸੂਤਰਾਂ ਮੁਤਾਬਕ ਡਾਟਾ ਲੀਕ ਕਰਨ 'ਚ ਵਿਦੇਸ਼ੀ ਹੱਥ ਹੋ ਸਕਦਾ ਹੈ। ਇਸ ਲਈ ਇਸ ਦੀ ਜਾਂਚ ਕਿਸੇ ਵੱਡੀ ਏਜੰਸੀ ਤੋਂ ਕਰਵਾਉਣੀ ਬਹੁਤ ਜ਼ਰੂਰੀ ਹੈ। ਜ਼ਿਕਰਯੋਗ ਹੈ ਕਿ ਪਿਛਲੇ ਸਾਲ ਦਿੱਲੀ ਸਥਿਤ ਏਮਜ਼ ਨੂੰ ਵੀ ਸਾਈਬਰ ਹਮਲੇ ਦਾ ਸਾਹਮਣਾ ਕਰਨਾ ਪਿਆ ਸੀ।

# ਮਜ਼ਦੂਰੀ ਮੰਗਣ 'ਤੇ ਰਾਜ ਮਿਸਤਰੀ ਦਾ ਗੋਲੀਆਂ ਮਾਰ ਕੇ ਕਤਲ

**ਲੋਕ ਬਾਣੀ/ ਨਵੀਂ ਦਿੱਲੀ, 31 ਅਕਤੂਬਰ**

ਮੇਰਠ ਜ਼ਿਲੇ 'ਚ ਕਥਿਤ ਤੌਰ 'ਤੇ ਮਜ਼ਦੂਰੀ ਮੰਗਣ 'ਤੇ ਇਕ ਰਾਜ ਮਿਸਤਰੀ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਅਤੇ ਉਸ ਦੀ ਲਾਸ਼ ਨੂੰ ਦਰੱਖਤ ਨਾਲ ਲਟਕਾ ਦਿੱਤਾ ਗਿਆ।

ਇਸ ਮਾਮਲੇ 'ਚ ਪੁਲਸ ਨੇ ਇਕ ਦੋਸ਼ੀ ਨੂੰ ਹਿਰਾਸਤ 'ਚ ਲਿਆ ਹੈ। ਮੀਡੀਆ ਨਾਲ ਗੱਲਬਾਤ ਦੌਰਾਨ ਵਧੀਕ ਪੁਲਿਸ ਕਪਤਾਨ (ਦਿਹਾਤੀ ਖੇਤਰ) ਕਮਲੇਸ਼ ਬਹਾਦੁਰ ਨੇ ਦੱਸਿਆ ਕਿ ਇਚੌਲੀ ਥਾਣਾ ਖੇਤਰ ਦੇ ਪਿੰਡ ਸਧਾਰਨਪੁਰ ਦੇ ਰਹਿਣ ਵਾਲੇ ਮਿਸਤਰੀ ਇੰਦੂਸ਼ੇਖਰ ਨੂੰ ਪਰੀਕਸ਼ਿਤਗੜ੍ਹ ਦੇ ਪਿੰਡ ਧਨਪੁਰਾ ਦੇ ਸਾਬਕਾ ਮੁਖੀ ਵਿਜੇਪਾਲ ਨੇ ਘਰ ਦੀ ਉਸਾਰੀ ਦਾ ਠੇਕਾ ਦਿੱਤਾ ਸੀ।

ਇਸ ਦੌਰਾਨ ਵਿਜੇਪਾਲ 'ਤੇ ਕਰੀਬ 2.5 ਲੱਖ ਰੁਪਏ ਇੰਦੂਸ਼ੇਖਰ ਦਾ ਬਕਾਇਆ ਸੀ, ਜਿਸ ਦੀ ਉਹ ਪਿਛਲੇ ਕਈ ਦਿਨਾਂ ਤੋਂ ਵਿਜੇਪਾਲ ਤੋਂ ਮੰਗ ਕਰ ਰਿਹਾ ਸੀ। ਇੰਦੂਸ਼ੇਖਰ ਬੁੱਧਵਾਰ ਨੂੰ ਇਕ ਵਾਰ ਫਿਰ ਵਿਜੇਪਾਲ ਦੇ ਘਰ ਆਪਣਾ ਬਕਾਇਆ ਮੰਗਣ ਗਿਆ ਸੀ। ਦੋਸ਼ ਹੈ ਕਿ ਵਿਜੇਪਾਲ ਕਿਸੇ ਬਹਾਨੇ ਇੰਦੂਸ਼ੇਖਰ ਨੂੰ ਖੇਤਾਂ 'ਚ ਲੈ ਗਿਆ ਅਤੇ ਉਥੇ ਉਹਨੂੰ ਗੋਲੀ ਮਾਰ ਕੇ, ਉਸ ਦੀ ਲਾਸ਼ ਨੂੰ ਦਰੱਖਤ ਨਾਲ ਲਟਕਾ ਦਿੱਤਾ।

ਵਧੀਕ ਪੁਲੀਸ ਸੁਪਰਡੈਂਟ ਨੇ ਦੱਸਿਆ ਕਿ ਜਦੋਂ ਇੰਦੂਸ਼ੇਖਰ ਦੇ ਦੂਜੇ ਸਾਥੀ ਸੁਮਿਤ ਨੇ ਵਿਜੇਪਾਲ ਨੂੰ ਫੋਨ ਕੀਤਾ ਤਾਂ ਉਸਨੇ ਕਤਲ ਦੀ ਗੱਲ ਕਬੂਲ ਕਰ ਲਈ। ਉਨ੍ਹਾਂ ਦੱਸਿਆ ਕਿ ਪੁਲੀਸ ਨੇ ਇਸ ਘਟਨਾ ਦੇ ਸਬੰਧ ਵਿੱਚ ਇੱਕ ਮੁਲਜ਼ਮ ਨੂੰ ਹਿਰਾਸਤ ਵਿੱਚ ਲਿਆ ਹੈ। ਉਸ ਕੋਲੋਂ ਪੁੱਛਗਿੱਛ ਕੀਤੀ ਜਾ ਰਹੀ ਹੈ।

# ਜ਼ਿਲਾ ਕਾਨੂੰਨੀ ਸੇਵਾਵਾਂ ਅਥਓਰਿਟੀ ਫਿਰੋਜ਼ਪੁਰ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਮੁਹਿੰਮ ਪੰਜਾਬ ਅਗੇਂਸਟ ਡਰੱਗ ਅਡਿਕਸ਼ਨ ਤਹਿਤ ਪੁਨਰ ਉਥਾਨ ਦੀ ਮੁਹਿੰਮ

**ਲੋਕ ਬਾਣੀ/ ਫਿਰੋਜਪੁਰ, 31 ਅਕਤੂਬਰ (ਪ੍ਰਮੋਦ ਕੁਮਾਰ)**

ਮਾਨਯੋਗ ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ, ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ ਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਮੁਹਿੰਮ ਨਸ਼ਿਆਂ ਵਿਰੁੱਧ ਪੰਜਾਬ ਅਤੇ ਉਪਰੋਕਤ ਮੁਹਿੰਮ ਤਹਿਤ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜਪੁਰ ਦੀ ਮੁਹਿੰਮ ਪੁਨਰਉਥਨ ਅਧੀਨ ਨਸ਼ਾ ਛੁਡਾਊ ਵਿਅਕਤੀਆਂ ਦੇ ਮੁੜ ਵਸੇਬੇ ਲਈ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ 01.10.2023 ਤੋਂ 31.10.2023 ਤੱਕ ਮਾਨਯੋਗ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਕਮ ਚੇਅਰਮੈਨ, ਜਿਲ੍ਹਾ ਅਤੇ ਸੈਸ਼ਨਜ਼ ਜੀਆਂ ਦੀ ਯੋਗ ਅਗਵਾਈ ਹੇਠ ਸ਼ੁਰੂ ਕੀਤੀ ਗਈ। ਇਸ ਮੁਹਿੰਮ ਸਬੰਧੀ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਕਮ ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜਪੁਰ ਵੱਲੋਂ ਬਰੋਸ਼ਰ, ਬੈਨਰ, ਪੈਂਫਲੇਟ ਅਤੇ ਥੀਮ ਗੀਤ ਲਾਂਚ ਕੀਤੇ ਗਏ ਅਤੇ ਸੈਸ਼ਨ ਡਿਵੀਜ਼ਨ, ਫਿਰੋਜ਼ਪੁਰ ਦੇ ਜੁਡੀਸ਼ਿਅਲ ਅਫਸਰ, ਡਿਪਟੀ ਕਮਿਸ਼ਨਰ, ਐਸ.ਐਸ.ਪੀ, ਸਿਵਲ ਸਰਜਨ, ਮੈਡੀਕਲ ਸੰਸਥਾਵਾਂ ਦੇ ਮੁਖੀਆਂ, ਡੀ.ਈ.ਓ, ਪ੍ਰਾਈਵੇਟ ਸਕੂਲਾਂ ਦੇ ਮੁਖੀਆਂ, ਕਾਲਜਾਂ, ਯੂਨੀਵਰਸਿਟੀਆਂ, ਐਨ. ਜੀ. ਓਜ਼, ਰੈੱਡ ਕਰਾਸ, ਵਨ ਸਟਾਪ ਸੈਂਟਰ ਅਤੇ ਨਾਲ ਮੀਟਿੰਗਾਂ ਕੀਤੀਆਂ ਗਈਆਂ।




ਉਪਰੋਕਤ ਮਹੀਨਾ ਭਰ ਚੱਲਣ ਵਾਲੀਆਂ ਮੁਹਿੰਮਾਂ ਦੌਰਾਨ ਵੱਖ-ਵੱਖ ਗਤੀਵਿਧੀਆਂ ਜਿਵੇਂ ਕਿ ਜਾਗਰੂਕਤਾ ਪ੍ਰੋਗਰਾਮ, ਨੁੱਕੜ ਨਾਟਕ (ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜਪੁਰ ਦੁਆਰਾ ਤਿਆਰ, ਥੀਮ ਗੀਤ ) ਪੋਸਟਰ ਮੇਕਿੰਗ ਮੁਕਾਬਲੇ, ਘੋਸ਼ਣਾ ਮੁਕਾਬਲੇ, ਵਾਕਾਥਨ ਰੈਲੀ, ਭਾਸ਼ਣ, ਸਕੂਲਾਂ ਦੇ ਵਿਦਿਆਰਥੀਆਂ ਦੁਆਰਾ ਬੈਂਡ ਪ੍ਰਦਰਸ਼ਨ, ਸਾਈਕਲ ਰੈਲੀ, ਮੈਰਾਥਨ, ਰੈਲੀ, ਡੋਰ-ਟੂ-ਡੋਰ ਮੁਹਿੰਮ, ਨਾਅਰੇ, ਬਹਿਸ, ਨਸ਼ਾ ਛੁਡਾਊ ਵਿਅਕਤੀਆਂ ਦੁਆਰਾ ਭਾਸ਼ਣ, ਐਨ ਐਸ ਐਸ ਵਲੰਟੀਅਰ ਦੁਆਰਾ ਜਾਗਰੂਕਤਾ ਮੁਹਿੰਮ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜਪੁਰ ਦੀ ਪ੍ਰਦਰਸ਼ਨੀ ਫਿਲਮ ਅਤੇ ਮਾਨਯੋਗ ਜਿਲ੍ਹਾ ਅਤੇ ਸੈਸ਼ਨਜ਼ ਜੱਜ, ਫਿਰੋਜ਼ਪੁਰ, ਮਾਨਯੋਗ ਡਿਪਟੀ ਕਮਿਸ਼ਨਰ, ਫਿਰੋਜ਼ਪੁਰ, ਸੀਨੀਅਰ ਪੁਲਿਸ ਕਪਤਾਨ, ਫਿਰੋਜ਼ਪੁਰ, ਸੀ.ਜੇਐਮ ਸਹਿਤ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜਪੁਰ ਅਤੇ ਸਿਵਲ ਸਰਜਨ, ਫਿਰੋਜ਼ਪੁਰ ਆਡੀਓ, ਵੀਡੀਓ ਸੰਦੇਸ਼ ਜਨਤਕ ਪਾਰਕਾਂ ਵਿੱਚ ਲੱਗੀਆ ਸਕਰੀਨਾਂ ਤੇ ਚਲਾਇਆ ਗਈਆਂ, ਰਾਮ ਲੀਲਾ ਮੈਦਾਨ ਅਤੇ ਸਥਾਨਕ ਮੇਲਿਆਂ ਵਿੱਚ ਵੀ ਹੈਲਪ ਡੈਸਕ ਵੀ ਲਗਾਏ ਗਏ। ਵਿਆਪਕ ਪ੍ਰਚਾਰ ਲਈ ਇਸ ਮੁਹਿੰਮ ਦੌਰਾਨ ਸੋਸ਼ਲ ਮੀਡੀਆ ਰਾਹੀਂ ਲਾਈਵ ਪ੍ਰੋਗਰਾਮ ਅਤੇ ਰੇਡੀਓ ਟਾਕ ਸ਼ੋਅ ਕਰਵਾਏ ਗਏ।

ਇਸ ਮੁਹਿੰਮ ਦੌਰਾਨ ਹੁਣ ਤੱਕ ਨਸ਼ੇ ਦੇ ਘੱਟ ਮਾਤਰਾ ਵਾਲੇ 02 ਐਨ.ਡੀ.ਪੀ.ਐਸ. ਕੇਸਾਂ ਦਾ ਨਿਪਟਾਰਾ ਕੀਤਾ ਗਿਆ ਹੈ ਅਤੇ ਦੋਨੋਂ ਨਸ਼ੇ ਦੇ ਆਦੀ ਵਿਅਕਤੀਆਂ ਨੂੰ ਸਿਵਲ ਹਸਪਤਾਲ ਫਿਰੋਜ਼ਪੁਰ ਦੇ ਨਸ਼ਾ ਛੁਡਾਊ ਕੇਂਦਰ ਵਿੱਚ ਦਾਖਲ ਕਰਵਾਇਆ ਗਿਆ ਹੈ, ਜਿੱਥੇ ਉਨ੍ਹਾਂ ਦਾ ਮੁਫ਼ਤ ਇਲਾਜ ਅਤੇ ਦਵਾਈਆਂ ਦੇ ਨਾਲ-ਨਾਲ ਖਾਣਾ ਵੀ ਮੁਹੱਈਆ ਕਰਵਾਇਆ ਗਿਆ ਹੈ। ਮਿਤੀ 31.10.2023 ਤੱਕ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜਪੁਰ ਵੱਲੋਂ ਨਸ਼ਾ ਛੁਡਾਉਣ ਲਈ ਸਿਵਲ ਹਸਪਤਾਲ, ਫਿਰੋਜ਼ਪੁਰ ਵਿਖੇ ਸਥਾਪਿਤ ਕੀਤੇ ਗਏ ਹੈਲਪ ਡੈਸਕ ਵਿੱਚ ਨਸ਼ਾ ਛੁਡਾਉਣ ਦੀਆਂ ਕੁੱਲ 12 ਅਰਜ਼ੀਆਂ ਪ੍ਰਾਪਤ ਹੋਈਆਂ ਹਨ ਅਤੇ ਉਹਨਾਂ ਨੂੰ ਲੋੜਵੰਦਾਂ ਲਈ ਸਿਵਲ ਹਸਪਤਾਲ, ਫਿਰੋਜ਼ਪੁਰ ਨੂੰ ਭੇਜ ਦਿੱਤਾ ਗਿਆ ਹੈ। ਜ਼ਿਲ੍ਹਾ ਪ੍ਰਸ਼ਾਸਨ ਫਿਰੋਜ਼ਪੁਰ ਦੇ ਤਾਲਮੇਲ ਨਾਲ ਇਸ ਮੁਹਿੰਮ ਦੌਰਾਨ ਨਸ਼ਾ ਛੁਡਾਉਣ ਵਾਲੇ 2 ਵਿਅਕਤੀਆਂ ਨੂੰ ਪ੍ਰਾਈਵੇਟ ਸੈਕਟਰ ਵਿੱਚ ਰੁਜ਼ਗਾਰ ਦੇਣ ਸਬੰਧੀ ਕਾਰਵਾਈ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਿਰੋਜਪੁਰ ਵੱਲੋਂ ਕੀਤੀ ਗਈ ਹੈ ਅਤੇ ਇਸ ਸਬੰਧੀ ਮੰਗ ਪੱਤਰ ਡਿਪਟੀ ਕਮਿਸ਼ਨਰ ਨੂੰ ਭੇਜੇ ਜਾ ਚੁੱਕੇ ਹਨ। ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਲਈ ਜਾਗਰੂਕਤਾ ਪ੍ਰੋਗਰਾਮ ਅਤੇ ਹੋਰ ਗਤੀਵਿਧੀਆਂ ਅੱਗੇ ਵੀ ਚਲਾਈਆਂ ਜਾਣਗੀਆਂ

## ਖੇਡਾਂ ਵਤਨ ਪੰਜਾਬ ਦੀਆਂ ਦੇ ਰਾਜ ਪੱਧਰੀ ਮੁਕਾਬਲਿਆਂ ਵਿੱਚ ਖ਼ਾਲਸਾ ਸਕੂਲ ਦੀਆਂ ਫੁੱਟਬਾਲ ਦੀਆਂ ਟੀਮਾਂ ਦੀ ਝੰਡੀ

**ਲੋਕ ਬਾਣੀ/ ਸ਼੍ਰੀ ਅਨੰਦਪੁਰ ਸਾਹਿਬ, 31 ਅਕਤੂਬਰ (ਦਵਿੰਦਰਪਾਲ ਸਿੰਘ):**




ਚੀਫ਼ ਖ਼ਾਲਸਾ ਦੀ ਦੀਵਾਨ ਚੈਰੀਟੇਬਲ ਸੁਸਾਇਟੀ ਸ਼੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਸਭ ਤੋਂ ਪੁਰਾਤਨ ਵਿੱਦਿਅਕ ਸੰਸਥਾ ਐਸ ਜੀ ਐਸ ਖਾਲਸਾ ਸੀ ਸੈ ਸਕੂਲ ਸ਼੍ਰੀ ਅਨੰਦਪੁਰ ਸਾਹਿਬ ਦੀ ਫੁੱਟਬਾਲ ਟੀਮ ਦੀ ਖੇਡਾਂ ਵਤਨ ਪੰਜਾਬ ਦੀਆਂ ਦੇ ਹੁਸ਼ਿਆਰਪੁਰ ਵਿਖੇ ਹੋਏ ਰਾਜ ਪੱਧਰੀ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਹਾਸਿਲ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ। ਇਸ ਸਬੰਧੀ ਪ੍ਰਿੰਸੀਪਲ ਸੁਖਪਾਲ ਕੌਰ ਵਾਲੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਮਰ ਵਰਗ 14 ਸਾਲ ਅਤੇ ਉਮਰ ਵਰਗ 17 ਸਾਲ ਵਿੱਚ ਰਾਜ ਪੱਧਰੀ ਮੁਕਾਬਲਿਆਂ ਵਿੱਚ ਇਹਨਾਂ ਫੁੱਟਬਾਲ ਦੀਆਂ ਟੀਮਾਂ ਨੇ ਪਹਿਲਾ ਸਥਾਨ ਹਾਸਿਲ ਕਰਕੇ ਗੋਲਡ ਮੈਡਲ ਪ੍ਰਾਪਤ ਕੀਤਾ ਹੈ। ਇਸ ਮੌਕੇ ਉਹਨਾਂ ਨੇ ਫੁੱਟਬਾਲ ਕੋਚ ਅਮਰਜੀਤ ਸਿੰਘ ਅਤੇ ਜਸਵਿੰਦਰ ਸਿੰਘ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹਨਾਂ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ ਵਿੱਚ ਕੋਚ ਸਾਹਿਬਾਨ ਦਾ ਬਹੁਤ ਵੱਡਾ ਹੱਥ ਹੈ। ਅੱਜ ਸਕੂਲ ਪਹੁੰਚਣ ਉੱਤੇ ਜੇਤੂ ਟੀਮਾਂ ਦਾ ਸਕੂਲ ਪ੍ਰਬੰਧ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਐਨਸੀਸੀ ਅਫ਼ਸਰ ਰਣਜੀਤ ਸਿੰਘ, ਜਸਪ੍ਰੀਤ ਸਿੰਘ, ਗੁਰਿੰਦਰ ਸਿੰਘ ਕੰਧੋਲਾ ਸੁਖਦੀਪ ਕੌਰ ਸਮੇਤ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜਰ ਸਨ।

## ਸ੍ਰੀ ਦਸਮੇਸ਼ ਅਕੈਡਮੀ ਦੇ ਵਿਦਿਆਰਥੀਆਂ ਨੇ ਜ਼ੋਨਲ ਅਥਲੈਟਿਕਸ ਮੀਟ ਵਿੱਚ 63 ਮੈਡਲ ਜਿੱਤ ਕੇ ਓਵਰ ਆਲ ਚੈਪੀਅਨਸ਼ਿਪ ਜਿੱਤੀ

**ਲੋਕ ਬਾਣੀ/ ਸ਼੍ਰੀ ਅਨੰਦਪੁਰ ਸਾਹਿਬ, 31 ਅਕਤੂਬਰ (ਦਵਿੰਦਰਪਾਲ ਸਿੰਘ):**




ਸ੍ਰੀ ਦਸਮੇਸ਼ ਅਕੈਡਮੀ ਸ੍ਰੀ ਅਨੰਦਪੁਰ ਸਾਹਿਬ ਦੇ ਵਿਦਿਆਰਥੀਆਂ ਨੇ ਜ਼ੋਨਲ ਅਥਲੈਟਿਕਸ ਮੀਟ ਮੁਕਾਬਲੇ ਜਿਹੜੇ ਕਿ ਐਸ ਜੀ ਐਸ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਸ੍ਰੀ ਅਨੰਦਪੁਰ ਸਾਹਿਬ ਵਿਖੇ ਸੰਪੰਨ ਹੋਏ ਵਿੱਚ 63 ਮੈਡਲ ਜਿੱਤ ਕੇ ਸ਼ਾਨਦਾਰ ਜਿੱਤ ਹਾਸਲ ਪ੍ਰਾਪਤ ਕਰਕੇ ਓਵਰ ਆਲ ਚੈਪੀਅਨਸਿਪ ਜਿੱਤੀ। ਇਹਨਾ ਮੁਕਾਬਲਿਆਂ ਵਿੱਚ ਸ੍ਰੀ ਦਸਮੇਸ਼ ਅਕੈਡਮੀ ਦੇ ਵਿਦਿਆਰਥੀਆਂ ਨੇ 7 ਗੋਲਡ, 2 ਸਿਲਵਰ ਅਤੇ 4 ਬਰਾਉਨਜ਼ ਮੈਡਲ ਜਿੱਤੇ ਅਤੇ ਇਨਾਂ ਮੁਕਾਬਲਿਆਂ ਵਿੱਚ 7 ਵਿਦਿਆਰਥੀਆਂ ਦੀ ਚੋਣ 67ਵੀ ਪੰਜਾਬ ਸਟੇਟ ਅਥਲੈਟਿਕਸ ਮੀਟ ਲਈ ਹੋਈ। ਜਿਲ੍ਹਾ ਅਥਲੈਟਿਕਸ ਮੁਕਾਬਲਿਆਂ ਵਿੱਚ ਵਰਿੰਦਾ ਸ਼ਰਮਾ ਨੇ 400 ਮੀਟਰ ਅਤੇ 3000 ਮੀਟਰ ਦੋੜ ਵਿੱਚ ਗੋਲਡ ਮੈਡਲ ਪ੍ਰਾਪਤ ਕੀਤੇ, ਯਸ਼ਵੀਰ ਦੱਤ ਸ਼ਰਮਾ ਨੇ 800 ਮੀਟਰ ਅਤੇ 400 ਮੀਟਰ ਵਿੱਚ ਗੋਲਡ, ਲਵਿਸ਼ ਸੋਨੀ ਨੇ ਉੱਚੀ ਛਾਲ ਵਿੱਚ ਗੋਲਡ, ਨੀਲੇਸ਼ ਨੇ 400 ਮੀਟਰ ਵਿੱਚ ਗੋਲਡ ਅਤੇ ਰਮਨ ਕੁਮਾਰ ਨੇ 400 ਮੀਟਰ ਅੜਿੱਕਾ ਦੋੜ ਵਿੱਚ ਗੋਲਡ ਮੈਡਲ ਪ੍ਰਾਪਤ ਕੀਤੇ। ਇਸ ਤਰਾਂ ਕੰਵਲਦੀਪ ਸਿੰਘ ਨੇ ਹੇਮਰ ਥਰੋ ਵਿੱਚ ਸਿਲਵਰ, ਗੁਨੂਰਵੀਰ ਸਿੰਘ, ਵਿਨਾਇਕ ਸ਼ਰਮਾ, ਯਸ਼ਵੀਰ ਦੱਤ ਸ਼ਰਮਾ ਅਤੇ ਲਵਿਸ਼ ਸੋਨੀ ਨੇ 100 ਮੀਟਰ ਰਿਲੇਅ ਦੋੜ ਵਿੱਚ ਸਿਲਵਰ ਮੈਡਲ ਹਾਸ਼ਲ ਕੀਤਾ। ਪ੍ਰਿੰਸ ਨੇ 80 ਮੀਟਰ ਅੜਿੱਕਾ ਦੌੜ ਵਿੱਚ ਕਾਂਸੀ ਦੇ ਮੈਡਲ, ਵਰਿੰਦਾ ਸ਼ਰਮਾ, ਯਾਸਿ ?ਕਾ, ਜ਼ਸ਼ਨ ਅਤੇ ਹਰਨੀਤ ਕੌਰ ਨੇ 400 ਮੀਟਰ ਰਿਲੇਅ ਵਿੱਚ ਕਾਂਸੀ ਦਾ ਤਮਗਾ, ਕਾਰਤਿਕ ਕੁਮਾਰ, ਨਿਖਿਲ ਕੁਮਾਰ, ਰਮਨ ਕੁਮਾਰ ਅਤੇ ਸਹਿਜਦੀਪ ਸਿੰਘ ਨੇ 400 ਮੀਟਰ ਰਿਲੇਅ ਦੋੜ ਵਿੱਚ ਕਾਂਸੀ ਦਾ ਤਮਗਾ ਜਿੱਤਿਆ। ਇਸੇ ਤਰਾਂ ਮੀਅੰਕ ਨੇ 400 ਮੀਟਰ ਅੜਿੱਕਾ ਦੌੜ ਵਿੱਚ ਕਾਂਸੀ ਦਾ ਤਮਗਾ ਜਿੱਤਿਆ।

ਇਨਾਂ ਮੁਕਾਬਲਿਆਂ ਵਿੱਚ ਵਰਿੰਦਾ ਸ਼ਰਮਾ ਦੀ 400 ਮੀਟਰ ਲਈ, ਯਸ਼ਵੀਰ ਦੱਤ ਸ਼ਰਮਾ ਦੀ 800 ਮੀਟਰ ਲਈ, ਲਵਿਸ਼ ਸੋਨੀ ਦੀ ਉੱਚੀ ਛਾਲ ਲਈ, ਕੰਵਲਦੀਪ ਸਿੰਘ ਦੀ ਹੇਮਰ ਥਰੋ ਲਈ, ਨੀਲੇਸ਼ ਦੀ 400 ਮੀਟਰ ਲਈ, ਰਮਨ ਕੁਮਾਰ ਦੀ 400 ਮੀਟਰ ਅੜਿੱਕਾ ਦੌੜ ਲਈ ਅਤੇ ਮੀਅੰਕ ਰਾਜ ਦੀ ਕਰਾਸ ਕੰਟਰੀ ਲਈ ਪੰਜਾਬ ਸਟੇਟ ਅਥਲੈਟਿਕਸ ਮੀਟ ਵਿੱਚ ਭਾਗ ਲੈਣ ਲਈ ਚੋਣ ਹੋਈ ਅਤੇ ਇਹ ਅਕੈਡਮੀ ਦੇ ਵਿਦਿਆਰਥੀ ਇਨਾਂ ਮੁਕਾਬਲਿਆਂ ਵਿੱਚ ਜਿਲ੍ਹਾ ਰੂਪਨਗਰ ਦੀ ਨੁਮਾਇੰਦੀ ਕਰਨਗੇ।

ਇਸ ਮੌਕੇ ਤੇ ਅਕੈਡਮੀ ਦੇ ਡਾਇਰੈਕਟਰ ਮੇਜਰ ਜਨਰਲ ਜੇ ਐਸ ਘੁੰਮਣ (ਰਿਟਾ) ਅਤੇ ਪ੍ਰਿੰਸੀਪਲ ਕਰਨਲ ਰਮਾ ਕਾਂਤ ਪਾਂਡੇ ਨੇ ਇਸ ਸ਼ਾਨਦਾਰ ਜਿੱਤ ਤੇ ਇਨਾਂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਪੰਜਾਬ ਸਟੇਟ ਅਥਲੈਟਿਕਸ ਮੁਕਾਬਲਿਆਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਦੀ ਪ੍ਰੇਰਨਾ ਦਿੱਤੀ।

## ਆਉ, ਪ੍ਰਦੂਸ਼ਣ ਰਹਿਤ ਦੀਵਾਲੀ ਮਨਾਈਏ

# ਵਾਤਾਵਰਣ ਨੂੰ ਪਰਦੂਸ਼ਿਤ ਹੋਣ ਤੋਂ ਬਚਾਉਣ ਲਈ ਦਿਵਾਲੀ ਨੂੰ ਨਵੇਂ ਤਰੀਕਿਆਂ ਨਾਲ ਮਨਾਉਣ ਦੀ ਲੋੜ

**ਦਿਵਾਲੀ ਮੌਕੇ ਪਰਦੂਸ਼ਣ ਫੈਲਾਉਣ ਵਾਲੇ ਪਟਾਖਿਆਂ ਤੋ ਗੁਰੇਜ ਕਰਕੇ ਗਰੀਬ ਬੱਚਿਆਂ ਦੀ ਕੀਤੀ ਜਾਵੇ ਮਦਦ: ਆਗੂ**

**ਲੋਕ ਬਾਣੀ/ ਸ਼੍ਰੀ ਅਨੰਦਪੁਰ ਸਾਹਿਬ, 31 ਅਕਤੂਬਰ (ਦਵਿੰਦਰਪਾਲ ਸਿੰਘ):**

ਦਿਵਾਲੀ ਇਕ ਬੜਾ ਹੀ ਮਹੱਤਵਪੂਰਨ ਅਤੇ ਖੁਸ਼ੀਆਂ ਭਰਿਆ ਤਿਉਹਾਰ ਹੈ। ਜਿਸਨੂੰ ਸਾਰੇ ਲੋਕ ਬੜੇ ਹੀ ਚਾਅਵਾਂ ਦੇ ਨਾਲ ਮਨਾਉਂਦੇ ਹਨ ਅਤੇ ਬੱਚਿਆਂ ਲਈ ਤਾਂ ਇਹ ਤਿਉਹਾਰ ਬਹੁਤ ਹੀ ਖਾਸ ਹੁੰਦਾ ਹੈ। ਇਸ ਸੰਬੰਧੀ ਵੱਖ-ਵੱਖ ਆਗੂਆਂ ਵਲੋਂ ਪੱਤਰਕਾਰ ਨਾਲ ਆਪਣੇ ਆਪਣੇ ਵਿਚਾਰ ਪੇਸ਼ ਕੀਤੇ ਗਏ।

### ਦਿਵਾਲੀ ਮੌਕੇ ਗਰੀਬ ਬੱਚਿਆਂ ਦੀ ਕੀਤੀ ਜਾਵੇ ਮਦਦ-: ਨਵੀਨ ਕੁਮਾਰ



ਆਸਰਾ ਫਾਊਂਡੇਸ਼ਨ ਦੇ ਪ੍ਰਧਾਨ ਨਵੀਨ ਕੁਮਾਰ ਨੇ ਕਿਹਾ ਕਿ ਸਾਨੂੰ ਅੱਜ ਲੋੜ ਹੈ ਕਿ ਅਸੀ ਪਰਦੂਸ਼ਣ ਫੈਲਾਉਣ ਵਾਲੇ ਪਟਾਖਿਆਂ ਤੋ ਗੁਰੇਜ ਕਰੀਏ। ਸਾਨੂੰ ਚਾਹੀਦਾ ਹੈ ਕਿ ਅਸੀਂ ਇਸ ਪਵਿੱਤਰ ਤਿਉਹਾਰ ਤੇ ਗਰੀਬ ਪਰਿਵਾਰਾਂ ਅਤੇ ਗਰੀਬ ਬੱਚਿਆਂ ਦੀ ਮਦਦ ਕਰੀਏ। ਬੱਚਿਆਂ ਨੂੰ ਪਟਾਕਿਆਂ ਦੀ ਥਾਂ ਵਧੀਆ-ਵਧੀਆ ਕਿਤਾਬਾਂ ਜਾ ਹੋਰ ਜਰੂਰਤ ਦਾ ਸਮਾਂਨ ਗਿਫਟ ਵਿਚ ਦੇਈਏ। ਜੇ ਕਿਸੇ ਗਰੀਬ ਬੱਚੇ ਦੀ ਪੜਾਈ ਵਿਚ ਕਿਸੇ ਤਰਾ ਦੀ ਦਿੱਕਤ ਆ ਰਹੀ ਹੈ ਤਾ ਅਸੀ ਉਸ ਦੀ ਇਸ ਪਵਿਤਰ ਤਿਉਹਾਰ ਤੇ ਹਰ ਸੰਭਵ ਮਦਦ ਕਰੀਏ।

### ਦੀਵਾਲੀ ਮੌਕੇ ਬੂਟੇ ਵੰਡਕੇ ਵਾਤਾਵਰਨ ਸ਼ੁੱਧ ਰੱਖਣ ਦਾ ਦਿੱਤਾ ਜਾਵੇ ਸੁਨੇਹਾ-: ਪ੍ਰਿੰ:ਵਾਲੀਆ



ਖਾਲਸਾ ਸਕੂਲ ਦੇ ਪ੍ਰਿੰਸੀਪਲ ਮੈਡਮ ਸੁਖਪਾਲ ਕੌਰ ਵਾਲੀਆ ਨੇ ਕਿਹਾ ਕਿ ਦੀਵਾਲੀ ਮੌਕੇ ਆਪਣੇ ਰਿਸ਼ਤੇਦਾਰਾਂ ਅਤੇ ਦੋਸਤਾਂ ਨੂੰ ਦਿੱਤੇ ਜਾਣ ਵਾਲੇ ਮਠਿਆਈਆਂ ਅਤੇ ਹੋਰ ਤੋਹਫ਼ਿਆਂ ਦੀ ਜਗ੍ਹਾ ਬੂਟਿਆਂ ਨੂੰ ਤੋਹਫੇ ਵਜੋਂ ਦਈਏ ਅਤੇ ਰੁੱਖ ਲਗਾ ਕੇ ਇਸ ਤਿਉਹਾਰ ਨੂੰ ਮਨਾਈਏ। ਆਪਣੇ ਆਲੇ-ਦੁਆਲੇ ਨੂੰ ਵੀ ਪਰਿਆਵਰਨ ਮਿਤਰ ਬਣ ਕੇ ਦਿਵਾਲੀ ਮਨਾਉਣ ਲਈ ਜਾਗਰੂਕ ਕਰੀਏ।

### ਪ੍ਰਦੂਸ਼ਣ ਕਰਨ ਵਾਲੇ ਪਟਾਖਿਆਂ ਤੋਂ ਗੁਰੇਜ਼ ਕਰਨਾ ਚਾਹੀਦਾ ਹੈ: ਡਾ.ਭਰਤ ਜਸਵਾਲ



ਸਾਈਂ ਹਸਪਤਾਲ ਦੇ ਐਮ ਡੀ ਡਾਕਟਰ ਭਰਤ ਜਸਵਾਲ ਨੇ ਕਿਹਾ ਕਿ ਜਿੱਥੇ ਦਿਵਾਲੀ ਦਾ ਤਿਉਹਾਰ ਇਕ ਪਵਿਤਰ ਤਿਉਹਾਰ ਮੰਨਿਆ ਜਾਂਦਾ ਹੈ ਉੱਥੇ ਹੀ ਇਹ ਤਿਉਹਾਰ ਸਭ ਨੂੰ ਰਲ ਮਿਲ ਕੇ ਰਹਿਣ ਦਾ ਸੰਦੇਸ਼ ਵੀ ਦਿੰਦਾ ਹੈ। ਉਹਨਾਂ ਕਿਹਾ ਕਿ ਜਿੱਥੇ ਇਸ ਤਿਉਹਾਰ ਤੇ ਚਲਣ ਵਾਲੇ ਪਟਾਖੇ, ਫੁਲਝੜੀਆਂ, ਅਤਿਸ਼ਬਾਜੀਆ ਆਦਿ ਵਾਤਾਵਰਨ ਨੂੰ ਬੁਰੀ ਤਰ੍ਹਾਂ ਖੋਰਾ ਲਗਾਉਂਦਿਆਂ ਹਨ ਉੱਥੇ ਹੀ ਇਹਨਾਂ ਵਿਚੋ ਨਿਕਲਣ ਵਾਲੀਆਂ ਜਹਿਰੀਲੀਆਂ ਗੈਸਾਂ ਵਾਤਾਵਰਨ ਨੂੰ ਬੁਰੀ ਤਰਾਂ ਪ੍ਰਦੂਸ਼ਿਤ ਵੀ ਕਰਦੀਆ ਹਨ। ਸਾਨੂੰ ਇਹਨਾਂ ਪ੍ਰਦੂਸ਼ਣ ਕਰਨ ਵਾਲੇ ਪਟਾਖਿਆਂ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।

### ਪਟਾਖੀਆਂ ਨਾਲ ਵਾਤਾਵਰਨ ਨੂੰ ਪਹੁੰਚਦਾ ਹੈ ਨੁਕਸਾਨ- ਚੱਠਾ



ਕਿਸਾਨ ਆਗੂ ਤਰਲੋਚਨ ਸਿੰਘ ਚੱਠਾ ਨੇ ਕਿਹਾ ਕਿ ਪਟਾਖੀਆਂ, ਫੁਲਝੜੀਆਂ, ਅਤਿਸ਼ਬਾਜੀਆ ਆਦਿ ਨਾਲ ਵਾਤਾਵਰਨ ਨੂੰ ਨੁਕਸਾਨ ਪਹੁੰਚਦਾ ਹੈ ਉਥੇ ਹੀ ਇਹਨਾਂ ਨਾਲ ਜਾਨੀ ਅਤੇ ਮਾਲੀ ਨੁਕਸਾਨ ਹੋਣ ਦਾ ਖਤਰਾ ਵੀ ਬਣਿਆ ਰਹਿੰਦਾ ਹੈ। ਕਈ ਵਾਰ ਇਹਨਾ ਨਾਲ ਕਈ ਵੱਡੀਆ ਦੁਰਘਟਨਾਵਾਂ ਵੀ ਹੋ ਜਾਂਦੀਆਂ ਹਨ। ਜਿਸ ਕਰਕੇ ਸਾਨੂੰ ਇਹਨਾਂ ਪਟਾਖਿਆਂ ਤੋਂ ਗੁਰੇਜ਼ ਕਰਨਾ ਚਾਹੀਦਾ ਹੈ।

### ਦਿਵਾਲੀ ਨੂੰ ਨਵੇਂ ਤਰੀਕਿਆਂ ਨਾਲ ਮਨਾਉਣ ਦੀ ਲੋੜ-: ਕੁਲਵਿੰਦਰ ਕੌਰ



ਇਸ ਸੰਬੰਧੀ ਇਸਤਰੀ ਅਕਾਲੀ ਦਲ ਦੀ ਜਿਲ੍ਹਾ ਪ੍ਰਧਾਨ ਬੀਬੀ ਕੁਲਵਿੰਦਰ ਕੌਰ ਵਿਰਕ ਨੇ ਕਿਹਾ ਕਿ ਜਿਵੇਂ ਕਿ ਤੁਸੀ ਸਭ ਜਾਣਦੇ ਹੀ ਹੋ ਕਿ ਪ੍ਰਦੂਸ਼ਣ ਦਿਨ ਪ੍ਰਤੀ ਦਿਨ ਵੱਧਦਾ ਜਾ ਰਿਹਾ ਹੈ ਜਿਸ ਨਾਲ ਗਲੋਬਲ ਵਾਰਮਿੰਗ ਹੋ ਰਹੀ ਹੈ ਅਤੇ ਜਲਵਾਯੂ ਵਿਚ ਪਰਿਵਰਤਨ ਆ ਰਿਹਾ ਹੈ। ਜੋ ਇਸ ਪੂਰੇ ਸੰਸਾਰ ਲਈ ਬਹੁਤ ਵੱਡਾ ਖਤਰਾ ਹੈ। ਉਹਨਾਂ ਕਿਹਾ ਕਿ ਅੱਜ ਲੋੜ ਹੈ ਕਿ ਅਸੀਂ ਦਿਵਾਲੀ ਨੂੰ ਕੁਝ ਨਵੇ ਤਰੀਕਿਆਂ ਨਾਲ ਮਨਾਈਏ ਤਾ ਜੋ ਸਾਡੀ ਧਰਤੀ, ਸਾਡਾ ਵਾਤਾਵਰਨ ਪ੍ਰਦੂਸ਼ਿਤ ਹੋਣ ਤੋ ਬਚ ਸਕੇ।



# ਖੇਤੀਬਾੜੀ ਵਿਭਾਗ ਨੇ ਸਾਂਦੇ ਹਾਸ਼ਮ ਅਤੇ ਸੈਦਾ ਵਾਲਾ ਵਿਖੇ ਪਰਾਲੀ ਨੂੰ ਲੱਗੀ ਅੱਗ ਬੁਝਾਈ

**ਅੱਗ ਲਗਾਉਣ ਵਾਲੇ ਕਿਸਾਨਾਂ ਤੇ ਕੀਤੀ ਜਾਵੇਗੀ ਸਖ਼ਤ ਕਾਰਵਾਈ: ਜ਼ਿਲ੍ਹਾ ਖੇਤੀਬਾੜੀ ਅਫ਼ਸਰ**

**ਲੋਕ ਬਾਣੀ/ ਫਿਰੋਜ਼ਪੁਰ:, 31 ਅਕਤੂਬਰ ਪ੍ਰਮੋਦ ਕੁਮਾਰ**

ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਆਈ.ਏ.ਐਸ. ਦੇ ਦਿਸ਼ਾ-ਨਿਰਦੇਸ਼ਾਂ ਤੇ ਜ਼ਿਲ੍ਹਾ ਖੇਤੀਬਾੜੀ ਅਫ਼ਸਰ ਡਾ. ਜੰਗੀਰ ਸਿੰਘ ਦੀ ਅਗਵਾਈ ਵਿੱਚ ਖੇਤੀਬਾੜੀ ਵਿਭਾਗ ਦੀ ਟੀਮ ਵੱਲੋਂ ਪਰਾਲੀ ਸਾੜਨ ਦੀਆਂ ਘਟਨਾਵਾਂ ਦਾ ਸਖਤ ਨੋਟਿਸ ਲੈਂਦਿਆਂ ਪਿੰਡ ਸਾਂਦੇ ਹਾਸ਼ਮ ਅਤੇ ਸੈਦਾ ਵਾਲਾ ਵਿਖੇ ਮੌਕੇ ਤੇ ਪਹੁੰਚ ਕੇ ਪਰਾਲੀ ਨੂੰ ਲੱਗੀ ਅੱਗ ਨੂੰ ਫਾਇਰ ਬ੍ਰਿਗੇਡ ਦੁਆਰਾ ਤੁਰੰਤ ਬੁਝਾਇਆ ਗਿਆ। ਇਸ ਮੌਕੇ ਮੁੱਖ ਖੇਤੀਬਾੜੀ ਅਫ਼ਸਰ ਨੇ ਦੱਸਿਆ ਕਿ ਸਬੰਧਿਤ ਜਮੀਨ ਮਾਲਕ ਤੇ ਬਣਦੀ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਖੇਤੀਬਾੜੀ ਵਿਭਾਗ ਅਤੇ ਪੰਜਾਬ ਸਰਕਾਰ ਵੱਲੋਂ ਲਗਾਤਾਰ ਕਿਸਾਨਾਂ ਨੂੰ ਪਰਾਲੀ ਅਤੇ ਫਸਲਾਂ ਦੀ ਰਹਿੰਦ ਖੂੰਹਦ ਨੂੰ ਅੱਗ ਨਾ ਲਗਾਉਣ ਬਾਰੇ ਪ੍ਰੇਰਿਤ ਕੀਤਾ ਜਾਂਦਾ ਹੈ ਅਤੇ ਸਰਕਾਰ ਵੱਲੋਂ ਕਿਸਾਨਾਂ ਨੂੰ ਸਬਸਿਡੀ ਤੇ ਮਸ਼ੀਨਾਂ ਵੀ ਮੁਹੱਇਆ ਕਰਵਾਈਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਵੀ ਇਸ ਬਾਰੇ ਸਮੇਂ ਸਮੇਂ ਤੇ ਹੁਕਮ ਜਾਰੀ ਕੀਤੇ ਜਾਂਦੇ ਹਨ, ਪਰੰਤੂ ਫਿਰ ਵੀ ਕਈ ਕਿਸਾਨਾਂ ਵੱਲੋਂ ਪਰਾਲੀ ਸਾੜਣ ਦੀਆਂ ਘਟਨਾਵਾਂ ਨੂੰ ਅੰਜਾਮ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਵੱਲੋਂ ਆਪਣੀ ਫਸਲ ਦੀ ਰਹਿੰਦ ਖੂੰਹਦ ਨੂੰ ਅੱਗ ਲਗਾਉਣ ਕਾਰਨ ਪੈਂਦਾ ਹੁੰਦੇ ਧੂੰਏ ਕਾਰਨ ਵਾਤਾਵਰਣ ਤੇ ਬੇਹੱਦ ਮਾੜਾ ਪ੍ਰਭਾਵ ਪੈਂਦਾ ਹੈ ਅਤੇ ਆਬੋਹਵਾ ਗੰਧਲੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਪਰਾਲੀ ਸਾੜਣ ਨਾਲ ਹੁੰਦੇ ਧੂੰਏ ਕਾਰਨ ਸੜਕ ਤੋਂ ਲੰਘਦੇ ਵਾਹਨ ਚਾਲਕਾਂ ਨੂੰ ਬੇਹੱਦ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਇਹ ਧੂੰਆ ਕਈ ਵਾਰ ਵੱਡੇ ਐਕਸੀਡੈਂਟਾਂ ਅਤੇ ਸਾਹ ਦੀਆਂ ਭਿਆਨਕ ਬਿਮਾਰੀਆਂ ਦਾ ਕਾਰਨ ਵੀ ਬਣਦਾ ਹੈ। ਉਨ੍ਹਾਂ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਫਸਲ ਦੀ ਰਹਿਦ ਖੂੰਹਦ ਨੂੰ ਅੱਗ ਨਾ ਲਗਾਉਣ ਅਜਿਹਾ ਕਰਨ ਨਾਲ ਇੱਕ ਤਾ ਵਾਤਾਵਰਨ ਗੰਧਲਾ ਹੋਣ ਤੋਂ ਬਚਿਆ ਰਹੇਗਾ ਅਤੇ ਦੂਸਰਾ ਉਨ੍ਹਾਂ ਦੀ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਵਧੇਗੀ।

# ਕੇਸਾਧਾਰੀ ਸਿੱਖ ਵੋਟਰ ਨਵੀਂ ਵੋਟ ਬਣਾਉਣ ਲਈ 15 ਨਵੰਬਰ 2023 ਤੱਕ ਦਾਅਵਿਆਂ ਦੀ ਮੰਗ



**ਲੋਕ ਬਾਣੀ/ ਫਿਰੋਜ਼ਪੁਰ:, 31 ਅਕਤੂਬਰ ਪ੍ਰਮੋਦ ਕੁਮਾਰ**

ਜ਼ਿਲ੍ਹਾ ਚੋਣ ਅਫਸਰ ਫ਼ਿਰੋਜ਼ਪੁਰ ਸ੍ਰੀ ਰਾਜੇਸ਼ ਧੀਮਾਨ, ਆਈ.ਏ.ਐਸ. ਨੇ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਬੋਰਡ) ਵੱਲੋਂ ਜਾਰੀ ਪ੍ਰੋਗਰਾਮ ਅਨੁਸਾਰ ਯੋਗਤਾ 21 ਅਕਤੂਬਰ 2023 ਦੇ ਆਧਾਰ ਤੇ ਵੋਟਰ ਸੂਚੀ ਤਿਆਰ ਕੀਤੀ ਜਾ ਰਹੀ ਹੈ। ਇਸ ਦੌਰਾਨ ਕੇਸਾਧਾਰੀ ਸਿੱਖ ਵੋਟਰਾਂ ਤੋਂ ਨਵੀਂ ਵੋਟ ਬਣਾਉਣ ਲਈ ਮਿਤੀ 21 ਅਕਤੂਬਰ 2023 ਤੋਂ 15 ਨਵੰਬਰ 2023 ਤੱਕ ਦਾਅਵੇ ਫਾਰਮ ਨੰ. 1 ਵਿੱਚ ਮੰਗੇ ਜਾ ਰਹੇ ਹਨ। ਇਸ ਲਈ ਵੋਟਰ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਸਪੈਸ਼ਲ ਕੰਪੇਨ ਅਧੀਨ ਮਿਤੀ 04 ਅਤੇ 05 ਨਵੰਬਰ (ਸ਼ਨੀਵਾਰ-ਐਤਵਾਰ) ਨੂੰ ਜ਼ਿਲ੍ਹਾ ਫਿਰੋਜ਼ਪੁਰ ਵਿੱਚ ਪੈਂਦੇ ਚਾਰੇ ਗੁਰਦੁਆਰਾ ਚੋਣ ਹਲਕੇ 18- ਮਮਦੋਟ, 19-ਫਿਰੋਜ਼ਪੁਰ, 20-ਤਲਵੰਡੀ ਭਾਈ ਅਤੇ 21-ਜ਼ੀਰਾ ਦੇ ਸਬੰਧਤ ਬੂਥਾਂ ਤੇ ਪਟਵਾਰੀ/ਬੀ.ਐਲ.ਓਜ਼ ਵੱਲੋ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਬੈਠ ਕੇ ਫਾਰਮ ਪ੍ਰਾਪਤ ਕੀਤੇ ਜਾਣੇ ਹਨ। ਇਸ ਤੋਂ ਇਲਾਵਾ ਇਹ ਫਾਰਮ ਰਿਵਾਈਜਿੰਗ ਅਥਾਰਿਟੀ/ਸਹਾਇਕ ਰਿਵਾਈਜਿੰਗ ਅਥਾਰਿਟੀ ਦੇ ਦਫਤਰ ਤਹਿਸੀਲਦਾਰ ਗੁਰੂਹਰਸਹਾਏ, ਫਿਰੋਜ਼ਪੁਰ, ਜ਼ੀਰਾ, ਦਫਤਰ ਨਾਇਬ-ਤਹਿਸੀਲਦਾਰ ਫਿਰੋਜ਼ਪੁਰ, ਜ਼ੀਰਾ ਗੁਰੂਹਰਸਹਾਏ, ਮਮਦੋਟ, ਤਲਵੰਡੀ ਭਾਈ, ਦਫਤਰ ਨਗਰ ਕੌਂਸਲ ਫਿਰੋਜ਼ਪੁਰ, ਮਮਦੋਟ, ਮੱਲਾਂਵਾਲਾ, ਤਲਵੰਡੀ ਭਾਈ, ਮੁੱਦਕੀ ਤੋਂ ਇਲਾਵਾ ਬੀ.ਡੀ.ਪੀ.ਓ. ਦਫਤਰ ਫਿਰੋਜ਼ਪੁਰ, ਮਮਦੋਟ, ਘੱਲਖੁਰਦ, ਜ਼ੀਰਾ ਵਿਖੇ ਮਿਤੀ 15 ਨਵੰਬਰ 2023 ਤੋਂ ਪਹਿਲਾਂ ਪਹਿਲਾਂ ਜਮ੍ਹਾ ਕਰਵਾ ਸਕਦੇ ਹਨ।



publisher/chief Editor
Aman Mehra
lok bani (news Paper)
lokbani08@gmail.com
www.lokbani.com
mob:99155-94111

Head Office:
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਂਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक, प्रकाशक, प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008

# ਸੰਯੁਕਤ ਕਿਸਾਨ ਮੋਰਚਾ ਦੇਸ਼ ਭਰ 'ਚ 6 ਨਵੰਬਰ ਨੂੰ ਸਾੜੇਗਾ ਨਿਊਜ਼ ਕਲਿੱਕ ਵਿਰੁੱਧ ਦਰਜ ਐਫਆਈਆਰ ਦੀਆਂ ਕਾਪੀਆਂ

## ਚਿੱਪ ਦੇ ਮੀਟਰਾਂ ਤੇ ਸੜਕਾਂ ਉੱਚੀਆਂ ਕਰਨ ਦਾ ਵਿਰੋਧ ਕਰਨ ਦਾ ਫੈਸਲਾ, ਇਜਰਾਇਲ ਵੱਲੋਂ ਫਰਸਤੀਨੀਆਂ ਦੇ ਨਸਲ ਘਾਤ ਦੀ ਨਿਖੇਧੀ

ਲੋਕ ਬਾਣੀ/ ਗੁਰਦਾਸਪੁਰ-ਨਵਨੀਤ ਕੁਮਾਰ-




ਸੰਯੁਕਤ ਕਿਸਾਨ ਮੋਰਚਾ ਜ਼ਿਲਾ ਗੁਰਦਾਸਪੁਰ ਦੀ ਇੱਕ ਭਰਵੀਂ ਮੀਟਿੰਗ ਅਜੀਤ ਸਿੰਘ ਹੁੰਦਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਸਾਰੀਆਂ ਸਬੰਧਿਤ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਹਿੱਸਾ ਲਿਆ ।ਇਨਾਂ ਵਿੱਚ ਤਰਲੋਕ ਸਿੰਘ ਬਹਿਰਾਮਪੁਰ, ਮੱਖਣ ਸਿੰਘ ਕੁਹਾੜ, ਸੁਖਦੇਵ ਸਿੰਘ ਭਾਗੋਕਾਵਾਂ,ਬਚਨ ਸਿੰਘ ਭੰਬਈ,ਗੁਰਚਰਨ ਸਿੰਘ ਵਾਲੀਆ, ਬਲਬੀਰ ਸਿੰਘ ਬੈਂਸ, ਮੰਗਤ ਸਿੰਘ ਜੀਵਨ ਚੱਕ,ਗੁਰਦਿਆਲ ਸਿੰਘ ਸੋਹਲ,ਕਪੂਰ ਸਿੰਘ ਘੁੰਮਣ,ਮਦਨ ਲਾਲ, ਚੰਨਣ ਸਿੰਘ ਦਰਗਲਾ, ਬਲਬੀਰ ਸਿੰਘ ਉੱਚਾ ਤਕਾਲਾ, ਗੁਰਦੀਪ ਸਿੰਘ ਬਾਠਾਂਵਾਲ,ਸੁਨੀਲ ਦੱਤ ਦੀਨਾਨਗਰ, ਬਲਦੇਵ ਸਿੰਘ ਆਦਿ ਪ੍ਰਮੁੱਖ ਸਨ।

ਵਿਚਾਰ ਵਟਾਂਦਰੇ ਉਪਰੰਤ ਫੈਸਲਾ ਕੀਤਾ ਗਿਆ ਕਿ ਸੰਯੁਕਤ ਕਿਸਾਨ ਮੋਰਚੇ ਦੇ ਫੈਸਲੇ ਮੁਤਾਬਕ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਕਿਸਾਨੀ ਸੰਘਰਸ਼ ਦੌਰਾਨ ਸਹੀ ਰਿਪੋਰਟਿੰਗ ਕਰਨ, ਸ਼ਹੀਨ ਬਾਗ ਤੇ ਹੋਰ ਲੋਕਾਂ ਦੇ ਹੱਕੀ ਘੋਲਾਂ ਦੀ ਸਹੀ ਕਵਰੇਜ ਆਦਿ ਦੇ ਬੇਹੂਦਾ ਦੋਸ਼ ਲਾ ਕੇ ਨਿਊਜ਼ ਕਲਿੱਕ ਦੇ ਮੁਖੀ ਤੇ ਸੰਪਾਦਕ ਵਿਰੁੱਧ ਝੂਠੀ ਐਫ ਆਈਆਰ ਦਰਜ ਕਰਨ ਵਿਰੁੱਧ ਸਾਰੇ ਦੇਸ਼ ਵਿੱਚ ਜਿਲਾ ਤੇ ਤਹਿਸੀਲ ਪੱਧਰ ਤੇ 6 ਨਵੰਬਰ 2023 ਨੂੰ ਇਕੱਤਰ ਹੋ ਕੇ ਰੈਲੀਆਂ ਕਰਨ ਉਪਰੰਤ ਐਫਆਈਆਰ ਦੀਆਂ ਕਾਪੀਆਂ ਸਾੜੀਆਂ ਜਾਣਗੀਆਂ । ਮੰਗ ਕੀਤੀ ਗਈ ਕਿ ਉਨਾਂ ਉੱਪਰ ਲਾਇਆ ਯੂਏਪੀਏ ਕਾਨੂੰਨ ਰੱਦ ਕੀਤਾ ਜਾਵੇ ਅਤੇ ਗੰਨੇ ਦਾ ਭਾਅ 450 ਰੁਪਏ ਕੁਇੰਟਲ ਐਲਾਨਿਆ ਜਾਵੇ। ਕਿਸਾਨਾ ਦੇ ਝੋਨੇ ਦੇ ਖਰਾਬੇ ਦਾ ਮੁਆਵਜ਼ਾ ਦਿੱਤਾ ਜਾਵੇ ।ਇੱਕ ਹੋਰ ਫੈਸਲੇ ਰਾਹੀਂ ਚਿੱਪ ਦੇ ਮੀਟਰਾਂ ਦਾ ਸਖਤ ਵਿਰੋਧ ਕਰਨ ਦਾ ਫੈਸਲਾ ਲਿਆ ਗਿਆ ਅਤੇ ਐਸ ਈ ਪਾਵਰ ਕਾਮ ਦਫਤਰ ਅੱਗੇ ਵੱਡੇ ਧਰਨੇ ਤੋਂ ਪਹਿਲਾਂ ਉਹਨਾਂ ਨਾਲ ਮੀਟਿੰਗ ਕੀਤੀ ਜਾਵੇਗੀ। ਸੜਕਾਂ ਦੀ ਮੁਰੰਮਤ ਦੌਰਾਨ ਹਰ ਵਾਰ ਸੜਕਾਂ ਜੋ ਬਹੁਤ ਉੱਚੀਆਂ ਕਰ ਦਿੱਤੀਆਂ ਜਾਂਦੀਆਂ ਹਨ ਉਨਾਂ ਨਾਲ ਦੁਕਾਨਾਂ ਗਲੀਆਂ ਅਤੇ ਖੇਤ ਨੀਵੇਂ ਹੋ ਰਹੇ ਹਨ। ਇਸ ਸਬੰਧੀ ਸੋਸ਼ਲ ਵਰਕਰ ਸੁਨੀਲ ਦੱਤ ਵੱਲੋਂ ਦੀਨਾ ਨਗਰ ਮੀਰਥਲ ਸੜਕ ਪੁੱਟ ਕੇ ਪਹਿਲਾ ਲੈਵਲ ਰੱਖਣ ਦੀ ਹਮਾਇਤ ਕੀਤੀ ਗਈ। ਇਸ ਸਬੰਧੀ ਇੱਕ ਡੈਪੂਟੇਸ਼ਨ ਡੀਸੀ ਗੁਰਦਾਸਪੁਰ ਨੂੰ ਮਿਲੇਗਾ। ਇਸ ਮੌਕੇ ਮੰਗ ਕੀਤੀ ਗਈ ਕਿ ਯੂਐਨਏ ਦੇ ਮਤੇ ਮੁਤਾਬਕ ਇਜਰਾਇਲ ਫਲਸਤੀਨ 'ਤੇ ਹਮਲੇ ਫੌਰੀ ਬੰਦ ਕਰੇ ।ਬੇਕਸੂਰ ਫਲਸਤੀਨੀਆਂ ਨੂੰ ਹਮਾਸ ਦੀ ਸਜ਼ਾ ਨਹੀਂ ਦਿੱਤੀ ਜਾ ਸਕਦੀ ।ਇਸ ਦੇ ਗੰਭੀਰ ਸਿੱਟੇ ਨਿਕਲਣਗੇ ।

# ਜ਼ਿਲ੍ਹਾ ਗੁਰਦਾਸਪੁਰ ਵਿੱਚ ਮੂੰਹ 'ਤੇ ਕੱਪੜਾ ਪਾ ਕੇ ਜਾਂ ਮੂੰਹ ਨੂੰ ਕਵਰ ਕਰਕੇ ਪੈਦਲ ਚੱਲਣ ਜਾਂ ਵਾਹਨ ਚਲਾਉਣ 'ਤੇ ਪਾਬੰਦੀ ਲਗਾਈ

ਲੋਕ ਬਾਣੀ/ ਗੁਰਦਾਸਪੁਰ-ਨਵਨੀਤ ਕੁਮਾਰ-



ਸ੍ਰੀ ਸੁਭਾਸ਼ ਚੰਦਰ, ਵਧੀਕ ਜ਼ਿਲ੍ਹਾ ਮੈਜਿਸਟ੍ਰੇਟ, ਗੁਰਦਾਸਪੁਰ ਨੇ ਫ਼ੌਜਦਾਰੀ ਜਾਬਤਾ ਸੰਘਤਾ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਗੁਰਦਾਸਪੁਰ ਵਿੱਚ ਮੂੰਹ 'ਤੇ ਕੱਪੜਾ ਪਾ ਕੇ ਜਾਂ ਮੂੰਹ ਨੂੰ ਕਵਰ ਕਰਕੇ ਪੈਦਲ ਚੱਲਣ ਜਾਂ ਵਾਹਨ ਚਲਾਉਣ 'ਤੇ ਸਖ਼ਤ ਪਾਬੰਦੀ ਲਗਾ ਦਿੱਤੀ ਹੈ। ਇਹ ਪਾਬੰਦੀ ਜ਼ਿਲ੍ਹੇ ਵਿੱਚ ਸੁਰੱਖਿਆ, ਅਮਨ ਕਾਨੂੰਨ ਦੀ ਸਥਿਤੀ ਨੂੰ ਮੁੱਖ ਰੱਖਦੇ ਹੋਏ ਲਗਾਈ ਗਈ ਹੈ। ਪਾਬੰਦੀ ਦੇ ਇਹ ਹੁਕਮ ਜਾਰੀ ਕਰਦਿਆਂ ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਸ੍ਰੀ ਸੁਭਾਸ਼ ਚੰਦਰ ਨੇ ਕਿਹਾ ਹੈ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ ਕਿ ਸ਼ਹਿਰਾਂ ਅਤੇ ਵੱਖ-ਵੱਖ ਇਲਾਕਿਆਂ ਵਿੱਚ ਆਏ ਦਿਨ ਨਕਾਬਪੋਸ਼ਾਂ ਵੱਲੋਂ ਲੁੱਟਾਂ-ਖੋਹਾਂ, ਕਤਲ, ਡਕੈਤੀਆਂ ਅਤੇ ਚੈਨ ਸਨੈਚਿੰਗ ਦੇ ਮਾਮਲਿਆਂ ਵਿੱਚ ਜਦੋਂ ਪੁਲਿਸ ਵੱਲੋਂ ਵਾਰਦਾਤ ਵਾਲੀ ਜਗ੍ਹਾ 'ਤੇ ਲੱਗੇ ਸੀ.ਸੀ.ਟੀ.ਵੀ. ਫੁਟੇਜ ਦੀ ਪੜਤਾਲ ਕੀਤੀ ਜਾਂਦੀ ਹੈ ਤਾਂ ਫੁਟੇਜ ਵਿੱਚ ਵਾਰਦਾਤ ਨੂੰ ਅੰਜ਼ਾਮ ਦੇਣ ਵਾਲੇ ਵਿਅਕਤੀਆਂ ਦਾ ਮੂੰਹ ਕੱਪੜੇ ਜਾਂ ਮਾਸਕ ਨਾਲ ਪੂਰੀ ਤਰ੍ਹਾਂ ਢੱਕਿਆ ਹੋਣ ਕਾਰਨ ਦੋਸ਼ੀ ਦੀ ਪਛਾਣ ਨਹੀਂ ਹੋ ਪਾਉਂਦੀ। ਇਸ ਸਭ ਨੂੰ ਦੇਖਦੇ ਹੋਏ ਮੂੰਹ 'ਤੇ ਕੱਪੜਾ ਪਾ ਕੇ ਜਾਂ ਮੂੰਹ ਨੂੰ ਕਵਰ ਕਰਕੇ ਪੈਦਲ ਚੱਲਣ ਜਾਂ ਵਾਹਨ ਚਲਾਉਣ 'ਤੇ ਪਾਬੰਦੀ ਲਗਾਈ ਗਈ ਹੈ। ਉਨ੍ਹਾਂ ਕਿਹਾ ਕਿ ਪਾਬੰਦੀ ਦੇ ਇਹ ਹੁਕਮ ਮਿਤੀ 1 ਨਵੰਬਰ 2023 ਤੋਂ 30 ਦਸੰਬਰ 2023 ਤੱਕ ਲਾਗੂ ਰਹਿਣਗੇ।

# ਵਾਰਡ ਨੰਬਰ 16 ਦੇ ਲੋਕ ਪਿਛਲੇ 35 ਸਾਲਾਂ ਤੋਂ ਨਰਕ ਭਰੀ ਜਿੰਦਗੀ ਜਿਉਣ ਲਈ ਮਜਬੂਰ

## ਗੰਦਗੀ ਕਾਰਨ ਜਹਿਰੀਲੇ ਸੱਪ-ਸਪੌਲੀਏ ਹੁੰਦੇ ਹਨ ਘਰਾਂ ਅੰਦਰ ਦਾਖਲ

ਲੋਕ ਬਾਣੀ/ ਹੁਸ਼ਿਆਰਪੁਰ, 31 ਅਕਤੂਬਰ (ਅਜੈ ਜੁਲਕਾ/ਆਸ਼ੂ ਠਾਕੁਰ)




– ਪੁਰਹੀਰਾਂ ਬਾਈਪਾਸ ਦੇ ਨਜ਼ਦੀਕ ਨੇੜੇ ਬਣੇ ਸ਼ਾਹ ਮੁਹੱਲਾ ਵਾਰਡ ਨੰਬਰ 16 ਦੇ ਲੋਕ ਨਰਕ ਭਰੀ ਜ਼ਿੰਦਗੀ ਜਿਉਣ ਲਈ ਮਜਬੂਰ ਹੋ ਰਹੇ ਹਨ। ਇਸੇ ਸਬੰਧੀ ਜਾਣਕਾਰੀ ਦਿੰਦੇ ਹੋਏ ਮੁਹੱਲਾ ਨਿਵਾਸੀਆ ਵਿੱਚੋਂ ਜੋਤੀ ਸੈਣੀ, ਜਸਵਿੰਦਰ ਕੌਰ, ਰਾਧਾ ਰਾਣੀ, ਨਰਿੰਦਰ ਕੌਰ, ਹਰਵਿੰਦਰ ਕੁਮਾਰ, ਰਜਿੰਦਰ ਕੌਰ, ਅਮਰਜੀਤ, ਰਮਨ, ਲਵਲੀ, ਹਰੀਸ਼ ਕੁਮਾਰ ਅਤੇ ਜਸਵਿੰਦਰ ਸਿੰਘ ਨੇ ਦੱਸਿਆ ਕਿ ਸਾਡਾ ਮੁਹੱਲਾ ਵਾਰਡ ਨੰਬਰ 16 ਸ਼ਿਵਾ ਜੀ ਦੇ ਮੰਦਰ ਵਾਲੀ ਗਲੀ ਸੁੰਦਰ ਨਗਰ ਨੇੜੇ ਬਣੇ ਸ਼ਾਹ ਵੱਜਦਾ ਹੈ।

ਪਰ ਪਿਛਲੇ ਕਰੀਬ 35 ਸਾਲ ਤੋਂ ਸਾਡੇ ਮੁਹੱਲੇ ਦੀ ਗਲੀ ਨਹੀਂ ਬਣਾਈ ਗਈ। ਕਈ ਸਰਕਾਰਾਂ ਆਈਆਂ ਤੇ ਗਈਆਂ ਪਰ ਇਸ ਮੁਹੱਲੇ ਦੀ ਕਿਸੇ ਨੇ ਸਾਰ ਨਹੀਂ ਲਈ। ਮੁਹੱਲਾ ਵਾਸੀਆਂ ਨੇ ਕਿਹਾ ਕਿ ਸਾਡੇ ਛੋਟੇ-ਛੋਟੇ ਬੱਚੇ ਜਦੋਂ ਵੀ ਇਸ ਗਲੀ ਰਾਹੀਂ ਘਰ ਨੂੰ ਆਉਂਦੇ ਜਾਂਦੇ ਹਨ ਤਾਂ ਗੰਭੀਰ ਸੱਟਾਂ ਦਾ ਬੱਚਿਆਂ ਨੂੰ ਸਾਹਮਣਾ ਕਰਨਾ ਪੈਂਦਾ ਹੈ। ਥੋੜਾ ਜਿਹਾ ਮੀਂਹ ਪੈਣ ਤੇ ਹੀ ਇਹ ਗਲੀ ਛੱਪੜ ਦਾ ਰੂਪ ਧਾਰਨ ਕਰ ਲੈਂਦੀ ਹੈ ਅਤੇ ਤਰ੍ਹਾਂ-ਤਰ੍ਹਾਂ ਦੇ ਕੀੜੇ ਮਕੌੜੇ ਪੈਦਾ ਹੋ ਕੇ ਘਰਾਂ ਦੇ ਅੰਦਰ ਦਾਖਲ ਹੁੰਦੇ ਹਨ ਅਤੇ ਭਿਆਨਕ ਬਿਮਾਰੀਆਂ ਨੂੰ ਸੱਦਾ ਦੇ ਰਹੇ ਹਨ। ਹੋਰ ਤਾਂ ਹੋਰ ਜਹਿਰੀਲੇ ਸੱਪ ਵੀ ਘਰਾਂ ਅੰਦਰ ਵੜ ਜਾਂਦੇ ਹਨ ਜਿਨਾਂ ਨੂੰ ਘਰ ਚੋਂ ਕੱਢਣਾ ਵੀ ਬਹੁਤ ਮੁਸ਼ਕਿਲ ਹੋ ਜਾਂਦਾ ਹੈ। ਜੋਤੀ ਸੈਣੀ ਨੇ ਦੱਸਿਆ ਕਿ ਇਸ ਸਮੱਸਿਆ ਸੰਬੰਧੀ ਕਈ ਵਾਰ ਉੱਚ ਅਧਿਕਾਰੀਆਂ ਅਤੇ ਮੁਹੱਲੇ ਦੀ ਕੌਂਸਲਰ ਨਰਿੰਦਰ ਕੌਰ ਨੂੰ ਵੀ ਸੂਚਿਤ ਕਰ ਚੁੱਕੇ ਹਾਂ ਪਰ ਸਾਡੀ ਸਮੱਸਿਆ ਦਾ ਕੋਈ ਵੀ ਹੱਲ ਹੁੰਦਾ ਦਿਖਾਈ ਨਹੀਂ ਦਿੰਦਾ। ਕਈ ਨੌਜਵਾਨ ਕੁੜੀਆਂ ਜਦੋਂ ਆਪਣੇ ਕੰਮ ਵਾਸਤੇ ਫੈਕਟਰੀ ਜਾਂ ਕਾਰਖਾਨੇ ਜਾਂਦੀਆਂ ਹਨ ਤੇ ਕੁਝ ਨਸ਼ੇੜੀ ਨੌਜਵਾਨ ਉਨਾਂ ਨੂੰ ਆਉਣ ਜਾਣ ਵੇਲੇ ਛੇੜਦੇ ਤੇ ਟਿੱਚਰਾਂ ਕਰਦੇ ਹਨ। ਮੁਹੱਲਾ ਨਿਵਾਸੀਆਂ ਨੇ ਮੌਜੂਦਾ ਸਰਕਾਰ ਤੋਂ ਮੰਗ ਕੀਤੀ ਉਨਾਂ ਦੇ ਮੁਹੱਲੇ ਦੀ ਸਮੱਸਿਆ ਦਾ ਹੱਲ ਜਲਦ ਤੋਂ ਜਲਦ ਕੀਤਾ ਜਾਵੇ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਮੁਹੱਲੇ ਦੇ ਕਿਸੇ ਵੀ ਪਰਿਵਾਰਕ ਮੈਂਬਰ ਨੂੰ ਭਿਆਨਕ ਬਿਮਾਰੀ ਦਾ ਸਾਹਮਣਾ ਨਾ ਕਰਨਾ ਪਵੇ।

ਇਸ ਸਮੱਸਿਆ ਸਬੰਧੀ ਜਦੋਂ ਵਾਰਡ ਨੰਬਰ 16 ਦੀ ਕੌਂਸਲਰ ਨਰਿੰਦਰ ਕੌਰ ਨਾਲ ਗੱਲਬਾਤ ਕੀਤੀ ਗਈ ਤਾਂ ਉਹਨਾਂ ਗੋਲ-ਮੋਲ ਜਵਾਬ ਦਿੰਦੀਆਂ ਦੱਸਿਆ ਕਿ ਵਾਰਡ ਦੀਆਂ ਬਹੁਤ ਸਾਰੀਆਂ ਗਲੀਆਂ ਕੱਚੀਆਂ ਹਨ ਤੇ ਥੋੜਾ ਸਮਾਂ ਹੀ ਸੀਵਰੇਜ ਪਏ ਨੂੰ ਹੋਇਆ ਹੈ। ਜਲਦ ਹੀ ਐਸਟੀਮੇਟ ਲਗਾ ਕੇ ਗਲੀਆਂ ਨੂੰ ਬਣਾਇਆ ਜਾਵੇਗਾ।

# ਤੇਜ਼ ਰਫਤਾਰ ਟਿੱਪਰ ਦੀ ਲਪੇਟ 'ਚ ਆਉਣ ਨਾਲ 22 ਸਾਲਾ ਨੌਜਵਾਨ ਦੀ ਮੌਤ

## ਟਿੱਪਰ ਚਾਲਕ ਖਿਲਾਫ ਮਾਮਲਾ ਦਰਜ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 31 ਅਕਤੂਬਰ (ਦਵਿੰਦਰਪਾਲ ਸਿੰਘ)

: ਸੋਮਵਾਰ ਨੂੰ ਕੀਰਤਪੁਰ ਸਾਹਿਬ-ਰੂਪਨਗਰ ਮੁੱਖ ਮਾਰਗ 'ਤੇ ਲੋਹੰਡ ਖੱਡ ਪੁਲ ਨੇੜੇ ਤੇਜ਼ ਰਫਤਾਰ ਟਿੱਪਰ ਦੀ ਲਪੇਟ 'ਚ ਆਉਣ ਨਾਲ ਮੋਟਰਸਾਈਕਲ ਸਵਾਰ 22 ਸਾਲਾ ਨੌਜਵਾਨ ਦੀ ਮੌਤ ਹੋ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਤਫਤੀਸ਼ੀ ਅਫਸਰ ਸਬ ਇੰਸਪੈਕਟਰ ਬਲਵੀਰ ਚੰਦ ਨੇ ਦੱਸਿਆ ਕਿ ਮ੍ਰਿਤਕ ਨੌਜਵਾਨ ਅਮਿਤ ਕੁਮਾਰ (22) ਦੇ ਪਿਤਾ ਰਾਜੇਸ਼ ਕੁਮਾਰ ਨੇ ਦੱਸਿਆ ਕਿ ਉਸਦਾ ਪੁੱਤਰ ਸੋਮਵਾਰ ਬਾਅਦ ਦੁਪਹਿਰ ਸ੍ਰੀ ਆਨੰਦਪੁਰ ਸਾਹਿਬ ਤੋਂ ਕੀਰਤਪੁਰ ਸਾਹਿਬ ਪੁੱਜਿਆ ਜਿੱਥੋਂ ਉਸਨੇ ਨੂਰਪੁਰ ਬੇਦੀ ਜਾਣਾ ਸੀ। ਜਦੋਂ ਉਹ ਪਿੰਡ ਕਲਿਆਣਪੁਰ ਲੋਹਡ ਖੱਡ ਦੇ ਪੁਲ ਦੇ ਉੱਪਰ ਪੁੱਜਾ ਤਾਂ ਪਿੱਛੋਂ ਆ ਰਹੇ ਇੱਕ ਤੇਜ਼ ਰਫਤਾਰ ਟਿੱਪਰ ਨੰਬਰ ਪੀਬੀ 65 ਬੀ ਏ 1034 ਨੇ ਬੜੀ ਲਾਪਰਵਾਹੀ ਨਾਲ ਉਸਦੇ ਪੁੱਤਰ ਅਮਿਤ ਕੁਮਾਰ ਦੇ ਮੋਟਰਸਾਈਕਲ ਨੂੰ ਟੱਕਰ ਮਾਰ ਦਿੱਤੀ। ਜਿਸ ਕਾਰਨ ਅਮਿਤ ਕੁਮਾਰ ਸੜਕ 'ਤੇ ਡਿੱਗ ਕੇ ਬੁਰੀ ਤਰ੍ਹਾਂ ਜ਼ਖਮੀ ਹੋ ਗਿਆ।



ਰਾਜੇਸ਼ ਕੁਮਾਰ ਨੇ ਦੱਸਿਆ ਕਿ ਉਹ ਇੱਕ ਵੱਖਰੇ ਮੋਟਸਾਈਕਲ ਤੇ ਆਪਣੇ ਪੁੱਤਰ ਦੇ ਪਿੱਛੇ ਕੁੱਝ ਦੂਰੀ ਤੇ ਜਾ ਰਿਹਾ ਸੀ ਤੇ ਹਾਦਸੇ ਤੋਂ ਬਾਅਦ ਉਹ ਆਪਣੇ ਲੜਕੇ ਅਮਿਤ ਕੁਮਾਰ ਨੂੰ ਸੰਭਾਲਣ ਲੱਗਾ। ਮੌਕਾ ਦੇਖ ਕੇ ਟਿੱਪਰ ਚਾਲਕ ਉਥੋਂ ਫ਼ਰਾਰ ਹੋ ਗਿਆ। ਰਾਜੇਸ਼ ਕੁਮਾਰ ਨੇ ਹੋਰ ਰਾਹਗੀਰਾਂ ਦੀ ਮਦਦ ਨਾਲ ਗੰਭੀਰ ਜ਼ਖਮੀ ਅਮਿਤ ਕੁਮਾਰ ਨੂੰ ਸਿਵਲ ਹਸਪਤਾਲ ਆਨੰਦਪੁਰ ਸਾਹਿਬ ਪਹੁੰਚਾਇਆ, ਜਿੱਥੇ ਮੁੱਢਲੀ ਸਹਾਇਤਾ ਦੇਣ ਤੋਂ ਬਾਅਦ ਡਾਕਟਰਾਂ ਨੇ ਉਸ ਨੂੰ ਪੀ.ਜੀ.ਆਈ ਚੰਡੀਗੜ੍ਹ ਰੈਫਰ ਕਰ ਦਿੱਤਾ, ਜਿੱਥੇ ਰਾਤ ਸਮੇਂ ਉਸ ਦੀ ਇਲਾਜ ਦੌਰਾਨ ਮੌਤ ਹੋ ਗਈ।ਉਨ੍ਹਾਂ ਦੱਸਿਆ ਕਿ ਇਹ ਹਾਦਸਾ ਤੇਜ਼ ਰਫਤਾਰ ਟਿੱਪਰ ਚਾਲਕ ਦੀ ਅਣਗਹਿਲੀ ਕਾਰਨ ਵਾਪਰਿਆਂ ਹੈ ਜਿਸ ਲਈ ਪੁਲੀਸ ਵੱਲੋਂ ਮ੍ਰਿਤਕ ਨੌਜਵਾਨ ਦੇ ਪਿਤਾ ਦੇ ਬਿਆਨਾਂ ਦੇ ਆਧਾਰ ਤੇ ਟਿੱਪਰ ਨੰਬਰ ਪੀ.ਬੀ.65 ਬੀ.ਏ.1034 ਦੇ ਚਾਲਕ ਦੇ ਖ਼ਿਲਾਫ਼ ਥਾਣਾ ਕੀਰਤਪੁਰ ਵਿਖੇ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰਕੇ ਮ੍ਰਿਤਕ ਨੌਜਵਾਨ ਦੀ ਲਾਸ਼ ਦਾ ਪੋਸਟਮਾਰਟਮ ਕਰਵਾ ਕੇ ਲਾਸ਼ ਵਾਰਸਾਂ ਹਵਾਲੇ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ।

# ਬਾਲ ਅਧਿਕਾਰਾਂ ਅਤੇ ਸੁਰੱਖਿਆ ਦੀ ਜਾਗਰੂਕਤਾ ਲਈ ਜਿਲ੍ਹਾ ਪੱਧਰੀ ਪੇਂਟਿੰਗ ਅਤੇ ਸਲੋਗਨ ਮੁਕਾਬਲੇ ਕਰਾਏ ਜਾਣਗੇ ...

ਲੋਕ ਬਾਣੀ/ ਤਰਨ ਤਾਰਨ ( ਰਵੀਕਰਨ )



ਸ਼੍ਰੀ ਰਾਜੇਸ਼ ਕੁਮਾਰ ਜਿਲ੍ਹਾ ਬਾਲ ਸੁਰੱਖਿਆ ਅਫਸਰ ਤਰਨ ਤਾਰਨ ਨੇ ਦੱਸਿਆ ਕਿ ਮਾਨਯੋਗ ਸ਼੍ਰੀ ਕੰਵਰਦੀਪ ਸਿੰਘ ਚੇਅਰਮੈਨ, ਪੰਜਾਬ ਰਾਜ ਬਾਲ ਅਧਿਕਾਰ ਰੱਖਿਆ ਕਮਿਸ਼ਨ ਜੀ ਦੀ ਪ੍ਰਧਾਨਗੀ ਹੇਠ ਮਿਤੀ 18.10.2023 ਨੂੰ ਹੋਈ ਮੀਟਿੰਗ ਵਿੱਚ ਦਿਤੇ ਗਏ ਨਿਰਦੇਸ਼ਾ ਅਨੁਸਾਰ ਜਿਲ੍ਹਾ ਤਰਨ ਤਾਰਨ ਵਿੱਚ ਮਾਨਯੋਗ ਡਿਪਟੀ ਕਮਿਸ਼ਨਰ ਤਰਨ ਤਾਰਨ ਜੀ ਦੀ ਰਹਨੁਮਾਈ ਹੇਠ ਜਿਲ੍ਹਾ ਪੱਧਰੀ ਪੇਂਟਿੰਗ ਅਤੇ ਸਲੋਗਨ ਮੁਕਾਬਲੇ ਕਰਾਏ ਜਾਣਗੇ ਜਿਸ ਵਿੱਚ ਬਾਲ ਅਧਿਕਾਰਾਂ ਅਤੇ ਸੁਰੱਖਿਆ ਪ੍ਰਤੀ ਬੰਨੇ ਕਨੂੰਨਾ ਪ੍ਰਤੀ ਲੋਕਾਂ ਅਤੇ ਬੱਚਿਆਂ ਨੂੰ ਜਾਗਰੂਕ ਕਰਨ ਲਈ ਓਪਨ ਰਜਿਸਟ੍ਰੇਸ਼ਨ ਰਾਹੀ 6 ਤੋਂ 18 ਸਾਲ ਦੇ ਬੱਚਿਆਂ ਦੇ ਜਿਲ੍ਹਾ ਪੱਧਰੀ ਪੇਂਟਿੰਗ ਅਤੇ ਸਲੋਗਨ ਮੁਕਾਬਲੇ ਕਰਾਏ ਜਾਣਗੇ 9 ਇਨ੍ਹਾਂ ਮੁਕਾਬਲਿਆਂ ਵਿੱਚ ਹਿਸਾ ਲੇਣ ਲਈ ਆਪਣੇ ਪਿੰਡ ਦੇ ਸਬੰਧਤ ਸਰਕਾਰੀ ਸਕੂਲ ਦੇ ਸਕੂਲ ਮੁਖੀ ਕੋਲ ਆਪਣਾ ਰਜਿਸਟ੍ਰੇਸ਼ਨ ਮਿਤੀ 05.11.2023 ਤੱਕ ਕਰਵਾਇਆ ਜਾ ਸਕਦਾ ਹੈ ਇਸ ਵਿੱਚ ਸਰਕਾਰੀ, ਪ੍ਰਾਇਵੇਟ ਅਤੇ ਪਿੰਡਾ ਵਿਚੋ ਕੋਈ ਵੀ 6 ਤੋਂ 18 ਸਾਲ ਦਾ ਬੱਚਾ ਹਿਸਾ ਲੇ ਸਕਦਾ ਹੈ ਜੋ ਕਿ ਬਿਲਕੁਲ ਫ੍ਰੀ ਹੈ । ਉਕਤ ਮੁਕਾਬਲਿਆਂ ਵਿੱਚ ਜੇਤੂ ਬੱਚਿਆਂ ਦੀ ਚੋਣ ਜਿਲ੍ਹਾ ਪੱਧਰ ਤੇ ਮਾਨਯੋਗ ਡਿਪਟੀ ਕਮਿਸ਼ਨਰ ਤਰਨ ਤਾਰਨ ਜੀ ਪ੍ਰਧਾਨਗੀ ਹੇਠ ਕੀਤੀ ਜਾਵੇਗੀ। ਇਨ੍ਹਾ ਮੁਕਾਬਲਿਆਂ ਵਿੱਚ ਪਹਿਲੇ , ਦੂਜੇ ਅਤੇ ਤੀਜੇ ਸਥਾਨ ਦੇ ਜੇਤੂਆਂ ਨੂੰ 5100, 3100, 2100 ਰੁਪਏ ਦਾ ਨਗਦ ਰਾਸ਼ੀ ਦਿਤੀ ਜਾਵੇਗੀ।9 ਵਧੇਰੀ ਜਾਣਕਾਰੀ ਲਈ ਆਪਣੇ ਪਿੰਡ ਦੇ ਸਰਕਾਰੀ ਸਕੂਲ ਵਿੱਚ ਸੰਪਰਕ ਕੀਤਾ ਜਾ ਸਕਦਾ ਹੈ ਜਾਂ ਸ਼੍ਰੀ ਸੁਖਮਜੀਤ ਸਿੰਘ ਬਾਲ ਸੁਰਖਿਆ ਅਫਸਰ ਤਰਨਤਾਰਨ ਮੋਬਾਇਲ ਨੰ 9463903411 ਤੇ ਸੰਪਰਕ ਕੀਤਾ ਜਾ ਸਕਦਾ ਹੈ ਉਂ ਇਨ੍ਹਾਂ ਮੁਕਾਬਲਿਆਂ ਵਿੱਚ ਪ੍ਰਾਪਤ ਵਧਿਆ ਸਲੋਗਨ ਅਤੇ ਪੇਂਟਿੰਗ ਨੂੰ ਰਾਜ ਪੱਧਰ ਡਾਇਰੈਕਟਰ, ਸਮਾਜਿਕ ਸੁਰਖਿਆ ਅਤੇ ਇਸਤਰੀ ਤੇਬਾਲ ਵਿਕਾਸ ਵਿਭਾਗ ਵਲੋਂ ਚੋਣ ਕਰਕੇ ਪਿੰਡਾ ਅਤੇ ਜਨਤਕ ਥਾਵਾਂ ਤੇ ਬੇਨਰ ਬਣਾਕੇ ਲਗਾਏ ਜਾਣਗੇ ਜਿਸ ਨਾਲ ਲੋਕਾਂ ਵਿੱਚ ਜਾਗਰੂਕਤਾ ਆਉਗੀ । ਜਿਲ੍ਹਾ ਬਾਲ ਸੁਰੱਖਿਆ ਅਫਸਰ ਤਰਨ ਤਾਰਨ ਨੇ ਆਮ ਜਨਤਾ ਨੂੰ ਅਪੀਲ ਕੀਤੀ ਹੈ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਆਪਣੇ ਬੱਚਿਆਂ ਦਾ ਰਜਿਸਟ੍ਰੇਸ਼ਨ ਜਰੂਰ ਕਰਵਾਉਣ ਤਾਂ ਜੋ ਬੱਚਿਆਂ ਦਾਹੌਸਲਾ ਅਤੇ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕਤਾ ਮਿਲੇ ।

# ਪੰਜਾਬ ਦਿਵਿਆਂਗ ਐਕਸ਼ਨ ਕਮੇਟੀ ਨੇ ਚੇਅਰਮੈਨ ਨਗਰ ਸੁਧਾਰ ਟਰੱਸਟ ਸਤਨਾਮ ਸਿੰਘ ਜਲਵਾਹਾ ਨੂੰ ਸੌਂਪਿਆ ਮੰਗ ਪੱਤਰ

ਲੋਕ ਬਾਣੀ/ ਸਹੀਦ ਭਗਤ ਸਿੰਘ ਨਗਰ 31 ਅਕਤੂਬਰ



ਪੰਜਾਬ ਦਿਵਿਆਂਗ ਐਕਸ਼ਨ ਕਮੇਟੀ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਚੇਅਰਮੈਨ ਨਗਰ ਸੁਧਾਰ ਟਰੱਸਟ ਸਤਨਾਮ ਸਿੰਘ ਜਲਵਾਹਾ ਨੂੰ ਆਪਣੀਆਂ ਮੰਗਾਂ ਸਬੰਧੀ ਮੰਗ ਪੱਤਰ ਸੌਂਪਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦਿਵਿਆਂਗ ਐਕਸ਼ਨ ਕਮੇਟੀ ਦੇ ਜ਼ਿਲ੍ਹਾ ਪ੍ਰਧਾਨ ਜਸਵਿੰਦਰ ਕੁਮਾਰ ਨੇ ਦੱਸਿਆ ਕਿ ਕਮੇਟੀ ਦੀਆਂ ਮੰਗਾਂ ਸਬੰਧੀ ਅੱਜ ਉਨ੍ਹਾਂ ਨੂੰ ਮੰਗ ਪੱਤਰ ਸੌਂਪਿਆ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਚੇਅਰਮੈਨ ਨਗਰ ਸੁਧਾਰ ਟਰੱਸਟ ਸਤਨਾਮ ਸਿੰਘ ਜਲਵਾਹਾ ਨੇ ਉਨ੍ਹਾਂ ਨੂੰ ਵਿਸ਼ਵਾਸ਼ ਦੁਆਇਆ ਹੈ ਕਿ ਉਹ ਮੰਗਾਂ ਪ੍ਰਤੀ ਸਰਕਾਰ ਨੂੰ ਬੇਨਤੀ ਪੱਤਰ ਭੇਜਣਗੇ। ਉਨ੍ਹਾਂ ਕਿਹਾ ਕਿ ਮੰਗ ਪੱਤਰ ਵਿੱਚ ਸ. ਭਗਵੰਤ ਸਿੰਘ ਮਾਨ ਨਾਲ ਜਲਦ ਤੋਂ ਜਲਦ ਮੀਟਿੰਗ ਕਰਵਾਉਣ ਸਬੰਧੀ ਵੀ ਬੇਨਤੀ ਕੀਤੀ ਗਈ ਹੈ, ਤਾਂ ਜੋ ਉਨ੍ਹਾਂ ਦੀਆਂ ਮੰਗਾਂ ਜਲਦੀ ਪੂਰੀਆਂ ਹੋ ਸਕਣ। ਇਸ ਦੌਰਾਨ ਚੇਅਰਮੈਨ ਨਗਰ ਸੁਧਾਰ ਟਰੱਸਟ ਸਤਨਾਮ ਸਿੰਘ ਜਲਵਾਹਾ ਨੇ ਮੰਗ ਪੱਤਰ ਲੈਣ ਉਪਰੰਤ ਕਿਹਾ ਕਿ ਪੰਜਾਬ ਦਿਵਿਆਂਗ ਐਕਸ਼ਨ ਕਮੇਟੀ ਦੇ ਮੈਂਬਰਾਂ ਦੀਆਂ ਜਾਇਜ਼ਾ ਮੰਗਾਂ ਨੂੰ ਜਲਦ ਹੀ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ ਅਤੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨਾਲ ਉਨ੍ਹਾਂ ਦੀ ਮੀਟਿੰਗ ਕਰਵਾਈ ਜਾਵੇਗੀ। ਇਸ ਮੌਕੇ 'ਤੇ ਪ੍ਰਧਾਨ ਅੰਮ੍ਰਿਤਪਾਲ, ਜਗਿੰਦਰ ਸਿੰਘ, ਰਜਿੰਦਰ ਕੁਮਾਰ, ਹਰਮੀਤ ਸਿੰਘ, ਸੁਖਦੇਵ ਸਿੰਘ, ਪਰਮਜੀਤ ਸਿੰਘ ਤੋਂ ਇਲਾਵਾ ਹੋਰ ਵੀ ਕਮੇਟੀ ਮੈਂਬਰ ਮੌਜੂਦ ਸਨ।

# ਸੰਵਾਦ ਸਾਹਿਤ ਮੰਚ ਨੇ ਸਾਹਿਤਕਾਰ ਅਜਾਇਬ ਸਿੰਘ ਔਜਲਾ ਦਾ ਸਨਮਾਨ ਕੀਤਾ

ਲੋਕ ਬਾਣੀ/ ਅਮੂਲਯਾ ਚੰਡੀਗੜ੍ਹ

ਕੋਈ ਵਿਅਕਤੀ ਸਾਹਿਤ ਉਦੋਂ ਹੀ ਲਿਖਣ ਦੇ ਸਮਰੱਥ ਹੁੰਦਾ ਹੈ ਜਦੋਂ ਉਸ ਨੂੰ ਇਸ ਖੇਤਰ ਦੀਆਂ ਪੇਚੀਦਗੀਆਂ ਦਾ ਗਿਆਨ ਹੁੰਦਾ ਹੈ, ਜਿਸ ਤੋਂ ਬਾਅਦ ਉਹ ਆਮ ਗੱਲਬਾਤ ਦੇ ਕੁਝ ਹੋਰ ਅੰਸ਼ ਇਕੱਠੇ ਕਰਦਾ ਹੈ। ਸਾਹਿਤ ਰਿਪੋਰਟਿੰਗ ਨਹੀਂ ਸਗੋਂ ਇਸ ਨਾਲ ਜੁੜਿਆ ਇਕ ਬਹੁਤ ਹੀ ਸੂਖਮ ਪਹਿਲੂ ਹੈ ਜੋ ਕਹਾਣੀ ਨੂੰ ਸੰਖੇਪ ਰੂਪ ਵਿਚ ਬੁਣਦਾ ਰਹਿੰਦਾ ਹੈ। ਇਹ ਗੱਲ ਸ਼ਹਿਰ ਦੇ ਪ੍ਰਸਿੱਧ ਸਾਹਿਤਕਾਰ ਅਤੇ ਸੀਨੀਅਰ ਪੱਤਰਕਾਰ ਅਜਾਇਬ ਸਿੰਘ ਔਜਲਾ ਨੇ ਕਹੀ। ਉਹ ਮੰਚ ਦੇ ਪ੍ਰਧਾਨ ਪ੍ਰੇਮ ਵਿੱਜ ਦੀ ਅਗਵਾਈ ਹੇਠ ਸੈਕਟਰ 40 ਵਿੱਚ ਮੰਚ ਸਾਹਿਤ ਮੰਚ ਵੱਲੋਂ ਕਰਵਾਏ ਗਏ ਸੰਵਾਦ ਤੇ ਕਾਵਿ ਸੰਮੇਲਨ ਵਿੱਚ ਮੁੱਖ ਮਹਿਮਾਨ ਵਜੋਂ ਪੁੱਜੇ ਸਨ। ਇਸ ਦੌਰਾਨ ਉਨ੍ਹਾਂ ਨੂੰ ਸਾਹਿਤ ਦੇ ਖੇਤਰ ਵਿੱਚ ਪਾਏ ਅਹਿਮ ਯੋਗਦਾਨ ਲਈ ਮੰਚ ਵੱਲੋਂ ਸਨਮਾਨਿਤ ਵੀ ਕੀਤਾ ਗਿਆ। ਕਵਿਤਾ ਸੈਮੀਨਾਰ ਦੀ ਪ੍ਰਬੰਧਕ ਲੇਖਿਕਾ ਵਿਮਲਾ ਗੁਗਲਾਨੀ ਨੇ ਆਪਣੀ ਕਵਿਤਾ ਨਾਲ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ, ਜਿਸ ਤੋਂ ਬਾਅਦ



ਸਾਰੇ ਮੈਂਬਰਾਂ ਨੇ ਇੱਕ ਤੋਂ ਬਾਅਦ ਇੱਕ ਆਪਣੀਆਂ ਕਵਿਤਾਵਾਂ ਸੁਣਾਈਆਂ। ਇਸ ਕਾਵਿ ਸੈਮੀਨਾਰ ਵਿੱਚ ਕਵੀ, ਲੇਖਕ ਅਤੇ ਸਾਹਿਤਕਾਰ ਸੁਭਾਸ਼ ਭਾਸਕਰ, ਡਾ: ਉਮਾ ਸ਼ਰਮਾ, ਰਾਜੇਸ਼ ਕੁਮਾਰੀ, ਡਾ: ਵਿਨੋਦ ਸ਼ਰਮਾ, ਸ਼ਵੇਤਾ ਗੁਗਲਾਨੀ, ਕੁਸੁਮ ਟਾਹਲਵਾਲ, ਡਾ: ਅਨੀਤਾ ਅਗਰਵਾਲ, ਡਾ: ਸੰਗੀਤਾ ਸ਼ਰਮਾ ਕੁੰਦਰਾ ਹਾਜ਼ਰ ਸਨ। ਮੰਚ ਦੇ ਪ੍ਰਧਾਨ ਸ. ,ਪ੍ਰੇਮ ਵਿੱਜ ਨੇ ਸਤਿਕਾਰਤ ਸਾਹਿਤਕਾਰ ਔਜਲਾ ਤੇ ਚਾਨਣਾ ਪਾਉਂਦਿਆਂ ਕਿਹਾ ਕਿ ਉਹ ਸ਼ਹਿਰ ਦੇ ਸੀਨੀਅਰ ਪੱਤਰਕਾਰ ਵੀ ਹਨ, ਜਿਨ੍ਹਾਂ ਨੇ ਬਾਲੀਵੁੱਡ ਦੇ ਕਈ ਮਸ਼ਹੂਰ ਅਦਾਕਾਰਾਂ ਅਤੇ ਅਭਿਨੇਤਰੀਆਂ ਦੇ ਇੰਟਰਵਿਊ ਲਏ ਹਨ ਅਤੇ ਉਨ੍ਹਾਂ ਨੂੰ ਪ੍ਰਕਾਸ਼ਿਤ ਕੀਤਾ ਹੈ, ਜਿਸ ਕਾਰਨ ਉਨ੍ਹਾਂ ਨੂੰ ਕਈ ਵੱਕਾਰੀ ਮੰਚਾਂ ਤੇ ਸਨਮਾਨਿਤ ਕੀਤਾ ਗਿਆ ਹੈ। ਆਪਣੇ ਜੀਵਨ ਵਿੱਚ ਬਹੁਤ ਮਿਹਨਤ ਕਰਕੇ ਉਸਨੇ ਇੱਕ ਅਜਿਹਾ ਮੁਕਾਮ ਹਾਸਿਲ ਕੀਤਾ ਹੈ ਜੋ ਹਰ ਕਿਸੇ ਲਈ ਪ੍ਰੇਰਨਾਦਾਇਕ ਹੈ। ਉਸ ਨੇ ਦੱਸਿਆ ਕਿ ਆਪਣੀ ਸਾਹਿਤਕ ਲੇਖਣੀ ਅਤੇ ਰਿਪੋਰਟਿੰਗ ਕਾਰਨ ਉਹ ਹਾਲ ਹੀ ਵਿੱਚ ਮੁੰਬਈ ਵਿੱਚ ਰਿਐਲਿਟੀ ਸ਼ੋਅ ਬਿੱਗ ਬੌਸ ਦੇ ਸੀਜ਼ਨ 7 ਦੇ ਉਦਘਾਟਨੀ ਸਮਾਰੋਹ ਦਾ ਹਿੱਸਾ ਸੀ। ਇਸ ਮੌਕੇ ਸਾਹਿਤਕਾਰ ਔਜਲਾ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਸਮਾਗਮ ਦੀ ਸ਼ਲਾਘਾ ਕੀਤੀ। ਇਸ ਦੌਰਾਨ ਉਨ੍ਹਾਂ ਆਪਣੇ ਵੱਖ-ਵੱਖ ਸਾਹਿਤਕ ਸਫ਼ਰਾਂ ਬਾਰੇ ਕੁਝ ਦਿਲਚਸਪ ਗੱਲਾਂ ਵੀ ਸਾਂਝੀਆਂ ਕੀਤੀਆਂ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਸੈਸ਼ਨ ਜੱਜ ਦੀ ਅਗਵਾਈ ਹੇਠ ਨਸ਼ਿਆਂ ਖਿਲਾਫ਼ ਕੱਢੀ ਜਾਗਰੂਕਤਾ ਰੈਲੀ

ਲੋਕ ਬਾਣੀ/ ਹੁਸ਼ਿਆਰਪੁਰ, 31 ਅਕਤੂਬਰ (ਅਜੈ ਜੁਲਕਾ/ਆਸ਼ੂ ਠਾਕੁਰ)



: ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਹੁਸ਼ਿਆਰਪੁਰ ਵੱਲੋਂ ਅੱਜ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਹੁਸ਼ਿਆਰਪੁਰ ਦਿਲਬਾਗ ਸਿੰਘ ਜੌਹਲ 'ਪੰਜਾਬ ਅਗੇਂਸਟ ਡਰੱਗ ਅਡਿਕਸ਼ਨ' ਮੁਹਿੰਮ ਤਹਿਤ ਇਕ ਵਿਸ਼ਾਲ ਰੈਲੀ (ਵਾਕਾਥਾਨ) ਕੱਢੀ ਗਈ। ਡਿਪਟੀ ਕਮਿਸ਼ਨਰ ਕੋਮਲ ਮਿੱਤਲ, ਐਸ. ਐਸ. ਪੀ ਸਰਤਾਜ ਸਿੰਘ ਚਾਹਲ, ਸੀ. ਜੇ. ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਅਪਰਾਜਿਤਾ ਜੋਸ਼ੀ ਸਮੇਤ ਜ਼ਿਲ੍ਹੇ ਦੇ ਨਿਆਇਕ, ਸਿਵਲ ਅਤੇ ਪੁਲਿਸ ਅਫ਼ਸਰਾਂ ਨੇ ਇਸ ਰੈਲੀ ਵਿਚ ਸ਼ਿਰਕਤ ਕੀਤੀ। ਜ਼ਿਲ੍ਹਾ ਤੇ ਸੈਸ਼ਨ ਜੱਜ ਦਿਲਬਾਗ ਸਿੰਘ ਜੌਹਲ ਨੇ ਜ਼ਿਲ੍ਹਾ ਪ੍ਰੀਸ਼ਦ ਦੇ ਸਾਹਮਣੇ ਲੋਅਰ ਕੋਰਟ ਕੰਪਲੈਕਸ ਤੋਂ ਇਸ ਰੈਲੀ ਨੂੰ ਝੰਡੀ ਦੇ ਕੇ ਰਵਾਨਾ ਕੀਤਾ ਅਤੇ ਉਹ ਖ਼ੁਦ ਵੀ ਹੋਰਨਾਂ ਅਧਿਕਾਰੀਆਂ ਸਮੇਤ ਇਸ ਰੈਲੀ ਦਾ ਹਿੱਸਾ ਬਣੇ। ਨਸ਼ਿਆਂ ਤੋਂ ਦੂਰ ਰਹਿਣ ਦਾ ਸੁਨੇਹਾ ਦਿੰਦੀ ਹੋਈ ਇਹ ਰੈਲੀ ਡੀ. ਏ. ਵੀ ਕਾਲਜ ਵਿਖੇ ਜਾ ਕੇ ਸਮਾਪਤ ਹੋਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਮਕਸਦ ਨਾਲ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪੂਰਾ ਅਕਤੂਬਰ ਮਹੀਨਾ ਨਸ਼ਿਆਂ ਖਿਲਾਫ਼ 'ਪੰਜਾਬ ਅਗੇਂਸਟ ਡਰੱਗ ਅਡਿਕਸ਼ਨ' ਮੁਹਿੰਮ ਚਲਾਈ ਗਈ, ਜਿਸ ਦੌਰਾਨ ਵੱਖ-ਵੱਖ ਗਤੀਵਿਧੀਆਂ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ ਅੱਜ ਇਸ ਮੁਹਿੰਮ ਦੀ ਸਮਾਪਤੀ 'ਤੇ ਸਵਾਮੀ ਸਰਵਾਨੰਦ ਗਿਰੀ ਰਿਜਨਲ ਸੈਂਟਰ, ਪੰਜਾਬ ਯੂਨੀਵਰਸਿਟੀ ਦੇ ਵਿਦਿਆਰਥੀਆਂ ਦੇ ਸਹਿਯੋਗ ਨਾਲ ਇਹ 'ਵਾਕਾਥਾਨ' ਆਯੋਜਿਤ ਕੀਤੀ ਗਈ। ਉਨ੍ਹਾਂ ਕਿਹਾ ਕਿ ਅਥਾਰਟੀ ਵੱਲੋਂ ਅਜਿਹੇ ਪ੍ਰੋਗਰਾਮ ਲਗਾਤਾਰ ਜਾਰੀ ਰੱਖੇ ਜਾਣਗੇ, ਤਾਂ ਜੋ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਕੇ ਇਕ ਵਧੀਆ ਅਤੇ ਨਰੋਏ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ।

ਇਸ ਮੌਕੇ ਐਸ. ਪੀ ਮੇਜਰ ਸਿੰਘ, ਐਸ. ਪੀ ਮਨਜੀਤ ਕੌਰ, ਸਿਵਲ ਸਰਜਨ ਡਾ. ਬਲਵਿੰਦਰ ਕੁਮਾਰ ਡਮਾਣਾ, ਡਿਪਟੀ ਮੈਡੀਕਲ ਸੁਪਰਡੈਂਟ ਡਾ. ਹਰਬੰਸ ਕੌਰ, ਡੀ. ਐਸ. ਪੀ ਪਲਵਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਵਕੀਲ, ਲਾਅ ਦੇ ਵਿਦਿਆਰਥੀ ਅਤੇ ਹੋਰ ਸ਼ਖਸੀਅਤਾਂ ਹਾਜ਼ਰ ਸਨ।

# ਵਧੀਕ ਡਿਪਟੀ ਕਮਿਸ਼ਨਰ ਨੇ ਸੈਂਪਲ ਫੇਲ ਹੋਣ 'ਤੇ 2 ਦੁਕਾਨਦਾਰਾਂ ਨੂੰ ਕੀਤੇ 55 ਹਜ਼ਾਰ ਰੁਪਏ ਦੇ ਜ਼ੁਰਮਾਨੇ

ਲੋਕ ਬਾਣੀ/ ਸਹੀਦ ਭਗਤ ਸਿੰਘ ਨਗਰ 31 ਅਕਤੂਬਰ

ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ ਨੇ ਫੂਡ ਸੇਫਟੀ ਅਤੇ ਸਟੈਂਡਰਡ ਐਕਟ-2006 ਅਤੇ ਰੂਲਜ਼ 2011 ਦੇ ਤਹਿਤ ਖਾਣ ਪੀਣ ਦੀਆਂ ਵਸਤਾਂ ਦੇ ਸੈਂਪਲ ਫੇਲ ਹੋਣ 'ਤੇ 2 ਦੁਕਾਨਦਾਰਾਂ ਨੂੰ 55 ਹਜ਼ਾਰ ਰੁਪਏ ਦੇ ਜ਼ੁਰਮਾਨੇ ਕੀਤੇ ਹਨ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਚੈਕਿੰਗ ਦੌਰਾਨ ਸਿਹਤ ਵਿਭਾਗ ਦੇ ਅਧਿਕਾਰੀਆਂ ਵਲੋਂ ਇਸ ਮਹੀਨੇ ਵੱਖ-ਵੱਖ ਖਾਣ ਪੀਣ ਦੀਆਂ ਦੁਕਾਨਾਂ ਤੋਂ 25 ਸੈਂਪਲ ਲਏ ਗਏ ਸਨ। ਇਨ੍ਹਾਂ ਵਿਚੋਂ 2 ਸੈਂਪਲ ਫੇਲ ਪਾਏ ਗਏ ਹਨ। ਇਸ 'ਤੇ ਕਾਰਵਾਈ ਕਰਦੇ ਹੋਏ 2 ਦੁਕਾਨਦਾਰਾਂ ਨੂੰ 55 ਹਜ਼ਾਰ ਰੁਪਏ ਜ਼ੁਰਮਾਨਾਂ ਕੀਤਾ ਗਿਆ ਹੈ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਤਿਊਹਾਰਾਂ ਦੇ ਸੀਜ਼ਨ ਦੌਰਾਨ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਸਖਤ ਹਦਾਇਤ ਕੀਤੀ ਗਈ ਹੈ ਕਿ ਇਸ ਗੱਲ ਨੂੰ ਯਕੀਨੀ ਬਣਾਉਣ ਕਿ ਕਿਸੇ ਤਰ੍ਹਾਂ ਦਾ ਮਿਲਾਵਟੀ ਖਾਣ ਪੀਣ ਦਾ ਸਮਾਨ ਨਾ ਵੇਚਿਆ ਜਾਵੇ। ਇਸਦੇ ਲਈ ਸਮੇਂ ਸਮੇਂ 'ਤੇ ਖਾਣ ਪੀਣ ਦੀਆਂ ਦੁਕਾਨਾਂ ਤੋਂ ਸੈਂਪਲ ਭਰੇ ਜਾਣ। ਉਨ੍ਹਾਂ ਕਿਹਾ ਕਿ ਕਿਸੇ ਨੂੰ ਵੀ ਆਮ ਜਨਤਾ ਦੀ ਸਿਹਤ ਨਾਲ ਖਿਲਵਾੜ ਨਹੀਂ ਕਰਨ ਦਿੱਤਾ ਜਾਵੇਗਾ। ਉਨ੍ਹਾਂ ਨੇ ਦੁਕਾਨਦਾਰਾਂ ਨੂੰ ਵੀ ਹਦਾਇਤ ਕਰਦਿਆਂ ਕਿਹਾ ਕਿ ਸਾਫ ਸੁਥਰਾ ਅਤੇ ਵਧੀਆ ਕੁਆਲਿਟੀ ਦਾ ਸਮਾਨ ਹੀ ਦੁਕਾਨਾਂ 'ਤੇ ਵੇਚਿਆ ਜਾਵੇ। ਜੇਕਰ ਕਿਸੇ ਦੁਕਾਨ ਦੇ ਖਾਣ ਪੀਣ ਦੇ ਸੈਂਪਲ ਫੇਲ ਪਾਏ ਜਾਂਦੇ ਹਨ ਤਾਂ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।

# ਲੋਕ ਹਿੱਤ ਵਿਚ ਤੈਅ ਸਮੇਂ ਅੰਦਰ ਕੀਤੇ ਜਾਣ ਵਿਕਾਸ ਕਾਰਜ : ਸੋਮ ਪ੍ਰਕਾਸ਼

ਲੋਕ ਬਾਣੀ/ ਹੁਸ਼ਿਆਰਪੁਰ, 31 ਅਕਤੂਬਰ (ਅਜੈ ਜੁਲਕਾ/ਆਸ਼ੂ ਠਾਕੁਰ)



ਕੇਂਦਰੀ ਉਦਯੋਗ ਅਤੇ ਵਣਜ ਰਾਜ ਮੰਤਰੀ ਸੋਮ ਪ੍ਰਕਾਸ਼ ਨੇ ਕਿਹਾ ਕਿ ਲੋਕ ਹਿੱਤ ਵਿਚ ਇਹ ਯਕੀਨੀ ਬਣਾਇਆ ਜਾਵੇ ਕਿ ਸਰਕਾਰ ਵੱਲੋਂ ਸ਼ੁਰੂ ਕੀਤੇ ਵਿਕਾਸ ਕਾਰਜ ਤੈਅ ਸਮੇਂ ਵਿਚ ਮੁਕੰਮਲ ਕੀਤੇ ਜਾਣ ਤਾਂ ਜੋ ਲੋਕਾਂ ਨੂੰ ਉਨ੍ਹਾਂ ਦਾ ਲਾਭ ਸਮੇਂ ਸਿਰ ਮਿਲ ਸਕੇ। ਉਹ ਅੱਜ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਜ਼ਿਲ੍ਹਾ ਵਿਕਾਸ ਤਾਲਮੇਲ ਅਤੇ ਨਿਗਰਾਨ ਕਮੇਟੀ (ਦਿਸ਼ਾ) ਦੀ ਮੀਟਿੰਗ ਦੌਰਾਨ ਜ਼ਿਲ੍ਹੇ ਵਿਚ ਚੱਲ ਰਹੀਆਂ ਕੇਂਦਰ ਸਰਕਾਰ ਦੀਆਂ ਸਕੀਮਾਂ ਦਾ ਜਾਇਜ਼ਾ ਲੈ ਰਹੇ ਸਨ। ਇਸ ਦੌਰਾਨ ਉਨ੍ਹਾਂ ਨਾਲ ਵਿਧਾਇਕ ਮੁਕੇਰੀਆਂ ਜੰਗੀ ਲਾਲ ਮਹਾਜਨ, ਵਿਧਾਇਕ ਚੱਬੇਵਾਲ ਡਾ: ਰਾਜ ਕੁਮਾਰ, ਡਿਪਟੀ ਕਮਿਸ਼ਨਰ ਕੋਮਲ ਮਿੱਤਲ, ਕਮੇਟੀ ਮੈਂਬਰ ਸਾਬਕਾ ਕੈਬਨਿਟ ਮੰਤਰੀ ਤੀਕਸ਼ਣ ਸੂਦ, ਵਧੀਕ ਡਿਪਟੀ ਕਮਿਸ਼ਨਰ (ਜਨਰਲ) ਰਾਹੁਲ ਚਾਬਾ, ਨਗਰ ਨਿਗਮ ਦੇ ਕਮਿਸ਼ਨਰ ਡਾ. ਨਯਨ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਬਲਰਾਜ ਸਿੰਘ, ਐਸ.ਪੀ ਮੇਜਰ ਸਿੰਘ, ਐਸ.ਡੀ.ਐਮ ਹੁਸ਼ਿਆਰਪੁਰ ਪ੍ਰੀਤਇੰਦਰ ਸਿੰਘ ਬੈਂਸ, ਐਸ.ਡੀ.ਐਮ. ਮੁਕੇਰੀਆਂ ਅਸ਼ੋਕ ਕੁਮਾਰ, ਐਸ.ਡੀ.ਐਮ ਦਸੂਹਾ ਪ੍ਰਦੀਪ ਸਿੰਘ ਬੈਂਸ, ਐਸ.ਡੀ.ਐਮ ਟਾਂਡਾ ਗਗਨਦੀਪ ਸਿੰਘ ਵੀ ਹਾਜ਼ਰ ਸਨ। ਕੇਂਦਰੀ ਰਾਜ ਮੰਤਰੀ ਨੇ ਕਿਹਾ ਕਿ ਸਰਕਾਰ ਦੀਆਂ ਵੱਖ-ਵੱਖ ਸਕੀਮਾਂ ਨੂੰ ਸੁਚਾਰੂ ਢੰਗ ਨਾਲ ਲਾਗੂ ਕੀਤਾ ਜਾਵੇ, ਤਾਂ ਜੋ ਇਨ੍ਹਾਂ ਸਕੀਮਾਂ ਦਾ ਲਾਭ ਸਬੰਧਤ ਲਾਭਪਾਤਰੀਆਂ ਤੱਕ ਪਹੁੰਚਾਇਆ ਜਾ ਸਕੇ। ਇਸ ਦੌਰਾਨ ਉਨ੍ਹਾਂ ਅੰਮ੍ਰਿਤ ਸਰੋਵਰ ਸਕੀਮ 'ਤੇ ਗੰਭੀਰਤਾ ਨਾਲ ਕੰਮ ਕਰਨ ਦੀਆਂ ਹਦਾਇਤਾਂ ਦਿੱਤੀਆਂ। ਇਸ ਮੌਕੇ ਉਨ੍ਹਾਂ ਨੇ ਐਮ.ਪੀ ਲੈਡ, ਪ੍ਰਧਾਨ ਮੰਤਰੀ ਸਵਨਿਧੀ ਯੋਜਨਾ, ਪ੍ਰਧਾਨ ਮੰਤਰੀ ਆਦਰਸ਼ ਗ੍ਰਾਮ ਯੋਜਨਾ, ਪ੍ਰਧਾਨ ਮੰਤਰੀ ਆਵਾਸ ਯੋਜਨਾ (ਪੇਂਡੂ ਅਤੇ ਸ਼ਹਿਰੀ), ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ, ਪ੍ਰਧਾਨ ਮੰਤਰੀ ਖੇਤੀਬਾੜੀ ਸਿੰਚਾਈ ਯੋਜਨਾ, ਸਮੱਗਰ ਸਿੱਖਿਆ ਅਭਿਆਨ, ਨਿਰਮਾਣ ਯੋਜਨਾ, ਮੈਡੀਕਲ ਕਾਲਜ, ਜਨਨੀ ਸੁਰੱਖਿਆ ਯੋਜਨਾ, ਜਲ ਜੀਵਨ ਮਿਸ਼ਨ, ਸਵੱਛ ਭਾਰਤ ਮਿਸ਼ਨ, ਰਾਸ਼ਟਰੀ ਕ੍ਰਿਸ਼ੀ ਵਿਕਾਸ ਯੋਜਨਾ, ਸਮਾਜਿਕ ਸੁਰੱਖਿਆ ਯੋਜਨਾਵਾਂ, ਮਨਰੇਗਾ, ਪੀ.ਐੱਮ.ਕੇ.ਵੀ.ਵਾਈ, ਬੀ.ਐੱਸ.ਐੱਨ.ਐੱਲ. ਅਤੇ ਨੈਸ਼ਨਲ ਹਾਈਵੇਅ ਅਥਾਰਟੀ ਦੇ ਕੰਮਾਂ ਦਾ ਵੀ ਜਾਇਜ਼ਾ ਲਿਆ। ਉਨ੍ਹਾਂ ਲੋਕ ਨਿਰਮਾਣ ਵਿਭਾਗ ਦੇ ਅਧਿਕਾਰੀਆਂ ਨੂੰ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਦੇ ਨਿਰਮਾਣ ਕਾਰਜਾਂ ਵਿਚ ਹੋਰ ਵੀ ਗੰਭੀਰਤਾ ਨਾਲ ਕੰਮ ਕਰਨ ਦੀ ਹਦਾਇਤ ਕੀਤੀ। ਉਨ੍ਹਾਂ ਵਿਕਾਸ ਕਾਰਜਾਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਸ਼ੁਰੂ ਕੀਤੇ ਕੰਮਾਂ ਨੂੰ ਜਲਦੀ ਮੁਕੰਮਲ ਕਰਕੇ ਉਨ੍ਹਾਂ ਦੇ ਵਰਤੋਂ ਸਰਟੀਫਿਕੇਟ ਭੇਜੇ ਜਾਣ। ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਕੇਂਦਰੀ ਰਾਜ ਮੰਤਰੀ ਸੋਮ ਪ੍ਰਕਾਸ਼ ਨੂੰ ਭਰੋਸਾ ਦਿਵਾਇਆ ਕਿ ਐਮ.ਪੀ ਲੈਡ ਫੰਡ ਅਤੇ ਹੋਰ ਕੇਂਦਰੀ ਸਕੀਮਾਂ ਤਹਿਤ ਜ਼ਿਲ੍ਹੇ ਵਿਚ ਸ਼ੁਰੂ ਹੋਏ ਵਿਕਾਸ ਕਾਰਜਾਂ ਨੂੰ ਜਲਦੀ ਹੀ ਮੁਕੰਮਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿਚ ਕੇਂਦਰੀ ਸਕੀਮਾਂ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨ ਲਈ ਪੂਰੀ ਗੰਭੀਰਤਾ ਦਿਖਾਈ ਜਾ ਰਹੀ ਹੈ ਅਤੇ ਸਬੰਧਤ ਵਿਭਾਗਾਂ ਤੋਂ ਇਨ੍ਹਾਂ ਸਕੀਮਾਂ ਦੀ ਲਗਾਤਾਰ ਸਮੀਖਿਆ ਵੀ ਕੀਤੀ ਜਾ ਰਹੀ ਹੈ। ਉਨ੍ਹਾਂ ਵਿਭਾਗਾਂ ਨੂੰ ਸ਼ੁਰੂ ਕੀਤੇ ਵਿਕਾਸ ਕਾਰਜ ਸਮੇਂ ਸਿਰ ਨੇਪਰੇ ਚਾੜ੍ਹਨ ਦੀ ਹਦਾਇਤ ਵੀ ਕੀਤੀ।



# ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਫਿਰੋਜ਼ਪੁਰ ਵਿਖੇ ਝੋਨੇ ਦੇ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ

## – ਪੰਜਾਬ ਸਰਕਾਰ ਵੱਲੋਂ ਝੋਨੇ ਦੀ ਨਿਰਵਿਘਨ ਖ਼ਰੀਦ, ਲਿਫਟਿੰਗ ਤੇ ਅਦਾਇਗੀ ਜਾਰੀ

ਲੋਕ ਬਾਣੀ/ ਫਿਰੋਜ਼ਪੁਰ, 31 ਅਕਤੂਬਰ (ਪ੍ਰਮੋਦ ਕੁਮਾਰ)



ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਵੱਲੋਂ ਝੋਨੇ ਦੀ ਫ਼ਸਲ ਦੀ ਨਿਰਵਿਘਨ ਖਰੀਦ, ਚੁਕਾਈ ਅਤੇ ਅਦਾਇਗੀ ਆਦਿ ਦਾ ਜਾਇਜ਼ਾ ਲੈਣ ਲਈ ਰਾਜ ਦੇ ਵੱਖ-ਵੱਖ ਖ਼ਰੀਦ ਕੇਂਦਰਾਂ ਦਾ ਦੌਰਾ ਕੀਤੇ ਜਾਣ ਦੀ ਲੜੀ ਤਹਿਤ ਅੱਜ ਜ਼ਿਲ੍ਹਾ ਫਿਰੋਜ਼ਪੁਰ ਦੀ ਅਨਾਜ ਮੰਡੀ ਫਿਰੋਜ਼ਪੁਰ ਸ਼ਹਿਰ ਆਦਿ ਦਾ ਦੌਰਾ ਕਰਕੇ ਖ਼ਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਸ. ਰਣਬੀਰ ਸਿੰਘ ਭੁੱਲਰ, ਵਿਧਾਇਕ ਫਿਰੋਜ਼ਪੁਰ ਦਿਹਾਤੀ ਸ੍ਰੀ ਰਜਨੀਸ਼ ਦਹੀਯਾ, ਵਿਧਾਇਕ ਜ਼ੀਰਾ ਸ੍ਰੀ ਨਰੇਸ਼ ਕਟਾਰੀਆ, ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਅਤੇ ਐਸ.ਐਸ.ਪੀ. ਸ੍ਰੀ ਦੀਪਕ ਹਿਲੌਰੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਇਸ ਮੌਕੇ ਦਾਣਾ ਮੰਡੀ ਫਿਰੋਜ਼ਪੁਰ ਸ਼ਹਿਰ ਵਿਖੇ ਵਿਸ਼ੇਸ਼ ਗੱਲਬਾਤ ਦੌਰਾਨ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਇਸ ਸੀਜ਼ਨ ਵਿੱਚ ਝੋਨੇ ਦੀ ਨਿਰਵਿਘਨ ਖਰੀਦ, ਚੁਕਾਈ ਅਤੇ ਸਮੇਂ ਸਿਰ ਅਦਾਇਗੀ ਕਰ ਕੇ ਮਿਸਾਲ ਕਾਇਮ ਕੀਤੀ ਗਈ ਹੈ ਅਤੇ ਕਿਸਾਨ ਬਿਨ੍ਹਾਂ ਕਿਸੇ ਦਿੱਕਤ ਦੇ ਆਪਣੀ ਫਸਲ ਵੇਚ ਕੇ ਸਮੇਂ ਸਿਰ ਘਰ ਨੂੰ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜਿੱਥੇ ਫਸਲ ਦੀ ਚੁਕਾਈ ਸਮੇਂ ਸਿਰ ਹੋ ਰਹੀ ਹੈ ਉੱਥੇ ਹੀ ਸਰਕਾਰ ਵੱਲੋਂ ਫਸਲ ਖਰੀਦਣ ਉਪਰੰਤ ਕਿਸਾਨਾਂ ਦੇ ਖਾਤਿਆਂ ਵਿੱਚ ਸਿੱਧੀ ਅਦਾਇਗੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਕਿਸਾਨਾਂ ਦਾ ਇੱਕ-ਇੱਕ ਦਾਣਾ ਖਰੀਦਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਕੈਬਨਿਟ ਮੰਤਰੀ ਸ੍ਰੀ ਕਟਾਰੂਚੱਕ ਨੇ ਦੱਸਿਆ ਕਿ ਸੂਬੇ ਦੀਆਂ ਮੰਡੀਆਂ ਵਿੱਚ ਹੁਣ ਤੱਕ 94 ਲੱਖ ਮੀਟਰਕ ਟਨ ਝੋਨੇ ਦੀ ਆਮਦ ਹੋਈ ਜਿਸ ਵਿਚੋਂ 92 ਲੱਖ ਮੀਟਰਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ ਰਾਜ ਦੇ ਕਿਸਾਨਾਂ ਦੇ ਖਾਤਿਆਂ ਵਿੱਚ ਖਰੀਦ ਕੀਤੇ ਗਏ ਝੋਨੇ ਦੀ ਅਦਾਇਗੀ 16 ਹਜ਼ਾਰ ਕਰੋੜ ਰੁਪਏ ਕੀਤੀ ਜਾ ਚੁੱਕੀ ਹੈ। ਉਨ੍ਹਾਂ ਨੇ ਕਿਹਾ ਕਿ ਆਪ ਪਾਰਟੀ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਮੰਡੀਆਂ ਵਿੱਚ ਪੁਖਤਾ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਿਲ ਨਾ ਆਵੇ। ਉਨ੍ਹਾਂ ਖ਼ਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਹਨ ਕਿ ਖ਼ਰੀਦ ਪ੍ਰਬੰਧਾਂ ਵਿੱਚ ਕਿਸੇ ਕਿਸਮ ਦੀ ਅਣਗਹਿਲੀ ਜਾਂ ਬੇਲੋੜੀ ਦੇਰੀ ਹਰਗਿਜ਼ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਉਨ੍ਹਾਂ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਉਹ ਸੁੱਕਾ ਝੋਨਾ ਮੰਡੀਆਂ ਵਿਚ ਲੈ ਕੇ ਆਉਣ ਤਾਂ ਜੋ ਖਰੀਦ ਏਜੰਸੀਆਂ ਵੱਲੋਂ ਇਸਨੂੰ ਬਿਨਾਂ ਕਿਸੇ ਦੇਰੀ ਤੋਂ ਖਰੀਦਿਆ ਜਾ ਸਕੇ। ਉਨ੍ਹਾਂ ਕਿਸਾਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾ ਕੇ ਪੰਜਾਬ ਸਰਕਾਰ ਦੁਆਰਾ ਸਬਸਿਡੀ 'ਤੇ ਉਪਲਬੱਧ ਕਰਵਾਈ ਜਾਂਦੀ ਮਸ਼ੀਨਰੀ ਦੀ ਵਰਤੋਂ ਨਾਲ ਪਰਾਲੀ ਦੀਆਂ ਗੱਠਾਂ ਬਣਾ ਕੇ ਜਾਂ ਇਸ ਨੂੰ ਜ਼ਮੀਨ ਵਿੱਚ ਹੀ ਵਾਹ ਕੇ ਇਸ ਦਾ ਨਿਪਟਾਰਾ ਕਰਨ। ਉਨ੍ਹਾਂ ਕਿਹਾ ਕਿ ਇਸ ਨਾਲ ਜਿੱਥੇ ਵਾਤਾਵਰਨ ਸਾਫ਼-ਸੁੱਥਰਾ ਰਹਿੰਦਾ ਹੈ ਉੱਥੇ ਹੀ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਬਣੀ ਰਹਿੰਦੀ ਹੈ ਅਤੇ ਮਨੁੱਖ ਤੇ ਜੀਵ ਜੰਤੂਆਂ ਦੀ ਸਿਹਤ 'ਤੇ ਵੀ ਮਾੜਾ ਅਸਰ ਨਹੀਂ ਪੈਂਦਾ। ਉਨ੍ਹਾਂ ਦੱਸਿਆ ਕਿ ਰਾਜ ਵਿੱਚ ਪਰਾਲੀ ਨੂੰ ਅੱਗ ਲਗਾਉਣ ਦੀਆਂ ਘਟਨਾਵਾਂ ਵਿੱਚ ਪਿਛਲੇ ਸਾਲ ਦੇ ਮੁਕਾਬਲੇ ਭਾਰੀ ਕਮੀ ਆਈ ਹੈ।

ਉਨ੍ਹਾਂ ਇਸ ਦੌਰਾਨ ਮੰਡੀ ਵਿੱਚ ਮੌਜੂਦ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨਾਲ ਖ਼ਰੀਦ ਪ੍ਰਬੰਧਾਂ ਬਾਰੇ ਗੱਲਬਾਤ ਕੀਤੀ।

# ਮਾਈਟੀ ਖਾਲਸਾ ਇੰਟਰਨੈਸ਼ਨਲ ਸਕੂਲ ਵੱਲੋਂ ਦਿੱਲੀ ਵਿਖੇ ਆਰਟ ਆਊਟ ਆਫ ਵੇਸਟ ਸਬੰਧੀ ਪ੍ਰਦਰਸ਼ਨੀ ਲਗਾਈ ਗਈ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 31 ਅਕਤੂਬਰ(ਦਵਿੰਦਰਪਾਲ ਸਿੰਘ):



ਮਾਈਟੀ ਖਾਲਸਾ ਇੰਟਰਨੈਸ਼ਨਲ ਸਕੂਲ ਵੱਲੋਂ ਆਏ ਦਿਨ ਕੋਈ ਨਾ ਕੋਈ ਨਵੇਂ ਮੁਕਾਮ ਹਾਸਲ ਕੀਤੇ ਜਾ ਰਹੇ ਹਨ ਚਾਹੇ ਉਹ ਸਿਖਿਆ, ਖੇਡਾਂ, ਮਾਡਰਨ ਗਤੀਵਿਧੀਆਂ ਦਾ ਖੇਤਰ ਹੋਵੇ ਜਾਂ ਹੁਨਰ ਵਿਕਾਸ ਨੂੰ ਮੁਖ ਰੱਖ ਕੇ ਪ੍ਰੋਫੈਸ਼ਨਲ ਟ੍ਰੇਨਿੰਗਸ ਹੋਣ। ਇਸੇ ਲੜੀ ਵਿਚ ਇਕ ਹੋਰ ਮਾਣ ਕਰਨਯੋਗ ਉਪਲਬਧੀ ਸਕੂਲ ਵੱਲੋਂ ਦਿੱਲੀ ਵਿਖੇ ਟੀਚ ਫਾਰ ਇੰਡੀਆ ਸੰਸਥਾ ਵੱਲੋਂ ਆਯੋਜਿਤ ਨੈਸ਼ਨਲ ਪੱਧਰ ਦੇ ਸਮਾਗਮ ਵਿਚ ਸ਼ਿਰਕਤ ਕਰਕੇ ਹਾਸਲ ਕੀਤੀ। ਸਕੂਲ ਦੇ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਸਾਂਝੇ ਤੌਰ ਤੇ ਆਰਟ ਆਊਟ ਆਫ ਵੇਸਟ ਸਬੰਧੀ ਪ੍ਰਦਰਸ਼ਨੀ ਲਗਾਈ ਗਈ। ਮੈਡਮ ਦਲਜੀਤ ਕੌਰ ਦੇ ਮਾਰਗਦਰਸ਼ਨ ਹੇਠ ਇਸ ਪ੍ਰਦਰਸ਼ਨੀ ਵਿਚ ਮੈਡਮ ਜਗਜੀਤ ਕੌਰ, ਮੈਡਮ ਰਜਨੀ ਦੇਵੀ ਅਤੇ ਵਿਦਿਆਰਥੀ ਲਵਪ੍ਰੀਤ ਸਿੰਘ, ਦਲਜੀਤ ਸਿੰਘ, ਕਸ਼ਿਸ਼ ਸ਼ਰਮਾ, ਕੁਮਕੁਮ, ਅਭਿਮਨਯੂ ਸਿੰਘ, ਮੰਨਤ ਅਤੇ ਲਵਿਸ਼ ਕਾਲੀਆ ਵੱਲੋਂ ਹਿੱਸਾ ਲਿਆ ਗਿਆ। ਮੈਡਮ ਅਤੇ ਵਿਦਿਆਰਥੀਆਂ ਵੱਲੋਂ ਬਹੁਤ ਹੀ ਮਿਹਨਤ ਨਾਲ ਵਰਕਿੰਗ ਪ੍ਰੋਜੈਕਟਸ, ਵੇਸਟ ਮਟੀਰੀਅਲ ਤੋਂ ਬਣਾਏ ਪ੍ਰੋਜੈਕਟਸ, ਖੂਬਸੂਰਤ ਪੇਂਟਿੰਗਸ, ਗੁਰਬਾਣੀ ਦੇ ਕਿੱਤੇ ਆਦਿ ਬਣਾਏ ਗਏ। ਗੌਰਤਲਬ ਹੈ ਕਿ ਇਸ ਸਮਾਗਮ ਵਿਚ ਪੰਜਾਬ ਤੋਂ ਕੱਲੇ ਮਾਈਟੀ ਖਾਲਸਾ ਇੰਟਰਨੈਸ਼ਨਲ ਸਕੂਲ ਵੱਲੋਂ ਹੀ ਹਾਜ਼ਰੀ ਭਰੀ ਗਈ ਅਤੇ ਦੇਸ਼ ਦੇ ਅਲੱਗ ਅਲੱਗ ਹਿੱਸਿਆਂ ਤੋਂ ਆਏ ਮਹਿਮਾਨਾਂ ਅਤੇ ਸੱਜਣਾਂ ਨੇ ਵਿਦਿਆਰਥੀਆਂ ਅਤੇ ਮੈਡਮਾਂ ਦੀ ਮਿਹਨਤ ਨੂੰ ਬਹੁਤ ਸਰਾਹਿਆ ਅਤੇ ਤਿਆਰ ਕੀਤੇ ਹੋਏ ਆਰਟ ਨੂੰ ਖਰੀਦਣ ਦੀ ਵੀ ਇੱਛਾ ਜਤਾਈ। ਇਸ ਦੇ ਨਾਲ ਹੀ ਸਕੂਲ ਨੂੰ ਹੋਰ ਵੀ ਸੰਸਥਾਵਾਂ ਵੱਲੋਂ ਐਵੇਂ ਦੀ ਆਰਟ ਪ੍ਰਦਰਸ਼ਨੀ ਦੇਸ਼ ਦੇ ਹੋਰ ਹਿੱਸਿਆਂ ਵਿਚ ਵੀ ਲਗਾਉਣ ਦਾ ਸੱਦਾ ਮਿਲਿਆ।ਇਹ ਇਸ ਗੱਲ੍ਹ ਦਾ ਪਰਮਾਣ ਹੈ ਕਿ ਸਕੂਲ, ਸਟਾਫ ਅਤੇ ਵਿਦਿਆਰਥੀਆਂ ਵੱਲੋਂ ਆਰਟ ਸਬੰਧੀ ਗਤੀਵਿਧੀਆਂ ਵਿਚ ਵੀ ਬਹੁਤ ਮਿਹਨਤ ਕੀਤੀ ਜਾ ਰਹੀ ਹੈ। ਮੈਡਮ ਦਲਜੀਤ ਕੌਰ ਵੱਲੋਂ ਪਰਮਾਤਮਾ ਦਾ ਸ਼ੁਕਰ ਕਰਦਿਆਂ ਦੱਸਿਆ ਗਿਆ ਉਨ੍ਹਾਂ ਨੂੰ ਬਹੁਤ ਮਾਣ ਹੈ ਕਿ ਉਨ੍ਹਾਂ ਨੂੰ ਸਿੰਘ ਸਾਹਿਬ ਪ੍ਰੋ. ਮਨਜੀਤ ਸਿੰਘ ਜੀ ਦੇ ਮਾਰਗਦਰਸ਼ਨ ਹੇਠ ਕੰਮ ਕਰਨ ਦਾ ਮੌਕਾ ਮਿਲ ਰਿਹਾ ਹੈ ਜਿਨ੍ਹਾਂ ਨੇ ਹਮੇਸ਼ਾਂ ਹੀ ਉਨ੍ਹਾਂ ਦੀ ਮਿਹਨਤ ਨੂੰ ਸਰਾਹਿਆ ਹੈ ਅਤੇ ਨੈਸ਼ਨਲ ਲੈਵਲ ਦਾ ਐਕਸਪੋਜ਼ਰ ਉਨ੍ਹਾਂ ਨੂੰ ਦਿੱਤਾ ਹੈ। ਸਕੂਲ ਦੇ ਡਾਇਰੈਕਟਰ ਡਾ. ਅਮਿਤੋਜ ਸਿੰਘ ਵੱਲੋਂ ਮੈਡਮ ਦਲਜੀਤ ਕੌਰ ਅਤੇ ਵਿਦਿਆਰਥੀਆਂ ਦੀ ਇਸ ਮਾਣਮੱਤੀ ਪ੍ਰਾਪਤੀ ਤੇ ਖੁਸ਼ੀ ਜ਼ਾਹਿਰ ਕਰਦਿਆਂ ਦੱਸਿਆ ਕਿ ਸਕੂਲ ਵੱਲੋਂ ਦੇਸ਼ ਦੀ ਰਾਜਧਾਨੀ ਵਿਚ ਐਵੇਂ ਦੀ ਪ੍ਰਦਰਸ਼ਨੀ ਲਗਾਉਣਾ ਅਤੇ ਪੰਜਾਬ ਤੋਂ ਕੱਲੇ ਸਾਡੇ ਸਕੂਲ ਨੂੰ ਇਹ ਮਾਣ ਮਿਲਣਾ ਬਹੁਤ ਹੀ ਵੱਡੀ ਉਪਲਬਧੀ ਹੈ।

ਉਨ੍ਹਾਂ ਨੇ ਟੀਚ ਫਾਰ ਇੰਡੀਆ ਦੇ ਪ੍ਰਬੰਧਕਾਂ, ਮੈਡਮ ਹੀਨਾ ਖੰਨਾ, ਲੀਫੀ ਫਾਊਂਡਰ ਰਮਨ ਬਹਲ ਦੇ ਸਹਿਯੋਗ ਲਈ ਅਤੇ ਨਾਲ ਹੀ ਵਿਦਿਆਰਥੀਆਂ ਲਈ ਰਿਹਾਇਸ਼ ਦਾ ਪ੍ਰਬੰਧ ਕਰਨ ਵਾਲੇ ਗਿਆਨੀ ਹਰਪਾਲ ਸਿੰਘ ਜੀ ਦਾ ਧੰਨਵਾਦ ਕੀਤਾ।

# 3 ਤੋਂ 6 ਨਵੰਬਰ ਤੱਕ ਦੇਵ ਸਮਾਜ ਕਾਲਜ ਫ਼ਿਰੋਜ਼ਪੁਰ ਵਿਖੇ ਹੁਨਰ ਦਾ ਸੰਗਮ ਹੋਵੇਗਾ

ਲੋਕ ਬਾਣੀ/ ਫਿਰੋਜ਼ਪੁਰ, 31 ਅਕਤੂਬਰ (ਪ੍ਰਮੋਦ ਕੁਮਾਰ)



ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦਾ 64ਵਾਂ ਪੰਜਾਬ ਯੂਨੀਵਰਸਿਟੀ ਇੰਟਰ ਜ਼ੋਨਲ ਯੂਥ ਐਂਡ ਹੈਰੀਟੇਜ ਫੈਸਟੀਵਲ 3 ਨਵੰਬਰ 2023 ਨੂੰ ਦੇਵ ਸਮਾਜ ਕਾਲਜ ਫ਼ਾਰ ਵੂਮੈਨ ਫ਼ਿਰੋਜ਼ਪੁਰ ਵਿਖੇ ਸ਼ੁਰੂ ਹੋਣ ਜਾ ਰਿਹਾ ਹੈ। ਇੱਕ ਧਰਤੀ-ਇੱਕ ਪਰਿਵਾਰ, ਇੱਕ ਭਵਿੱਖ ਦਾ ਸੁਨੇਹਾ ਦਿੰਦਿਆਂ ਲਗਭਗ 200 ਲੋਕਾਂ ਨੇ ਸ਼ਿਰਕਤ ਕੀਤੀ। ਇਸ ਮੇਲੇ ਵਿੱਚ 12 ਜ਼ੋਨ ਭਾਗ ਲੈਣਗੇ। ਕਾਲਜ ਦੇ ਵਿਦਿਆਰਥੀਆਂ ਦਾ ਇਕੱਠ ਦੇਖਣ ਨੂੰ ਮਿਲੇਗਾ। ਨਾਲ ਹੀ ਵਿਦਿਆਰਥੀਆਂ ਵਿੱਚ ਹੁਨਰ ਦਾ ਸੰਗਮ ਦੇਖਿਆ ਜਾਵੇਗਾ। ਚਾਰ ਦਿਨ ਚੱਲਣ ਵਾਲੇ ਇਸ ਫੈਸਟੀਵਲ ਵਿੱਚ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਹਾਜ਼ਰ ਹੋਣਗੇ। ਕਾਲਜ ਪ੍ਰਿੰਸੀਪਲ ਨੇ ਦੱਸਿਆ ਕਿ ਚਾਰ ਦਿਨ ਚੱਲਣ ਵਾਲੇ ਇਸ ਮੇਲੇ ਵਿੱਚ ਵੱਖ-ਵੱਖ ਮੁਕਾਬਲੇ ਕਰਵਾਏ ਜਾਣਗੇ। ਕਾਲਜ ਵੱਲੋਂ ਮੇਲੇ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਵਿਦਿਆਰਥੀਆਂ ਲਈ ਰਿਹਾਇਸ਼ ਦੇ ਵੀ ਪ੍ਰਬੰਧ ਕੀਤੇ ਗਏ ਹਨ। 3 ਨਵੰਬਰ ਦਾ ਪਹਿਲਾ ਦਿਨ ਉਦਘਾਟਨ ਸਮਾਰੋਹ, ਡਿਬੇਟ ਐਂਡ ਐਲੋਕੇਸ਼ਨ ਦੀ ਘੋਸ਼ਣਾ, ਸ਼ਬਦ ਗਾਇਨ, ਭਜਨ ਗਾਇਨ, ਕਲਾਸੀਕਲ ਵੋਕਲ, ਗਰੁੱਪ ਡਾਂਸ, ਜਰਨਲ ਕਲਾਸੀਕਲ ਡਾਂਸ, ਗਰੁੱਪ ਫੋਕ ਆਰਕੈਸਟਰਾ, ਗੁੱਡੀਆਂ ਪਟੋਲੇ, ਛਿੱਕੂ, ਪਰਾਂਦੇ, ਟੋਕਰੀਆਂ, ਨਾਲਾ ਮੇਕਿੰਗ, ਮਿੱਟੀ ਦੇ ਖਿਡੌਣੇ, ਖਿਦੋ ਮੇਕਿੰਗ, ਪੀੜੀ ਰੱਸਾ ਵਟਨਾ, ਇਨੂ ਮੇਕਿੰਗ ਮੁਕਾਬਲਾ, ਕਵਿਤਾ ਗਾਇਨ, ਮੁਹਾਵਰੇਦਾਰ ਵਾਰਤਾਲਾਪ ਆਦਿ । 4 ਨਵੰਬਰ ਨੂੰ ਦੂਜੇ ਦਿਨ ਭੰਗੜਾ, ਗਿੱਧਾ, ਗਰੁੱਪ ਗੀਤ, ਗੀਤ ਗ਼ਜ਼ਲ, ਇੰਡੀਅਨ ਆਰਕੈਸਟਰਾ, ਕਵਿਤਾ ਲੇਖਣ, ਕਹਾਣੀ ਲੇਖਣ, ਲੇਖ ਲਿਖਣਾ, ਕੈਲੀਗ੍ਰਾਫੀ ਲੇਖਣ ਆਦਿ ਮੁਕਾਬਲੇ ਹੋਣਗੇ। 5 ਨਵੰਬਰ (ਤੀਸਰਾ ਦਿਨ) ਡਰਾਮਾ ਹਿਸਟਰੋਨਿਕਸ, ਵਾਰ ਗਾਇਨ, ਕਾਲੀ ਗਾਯਨ, ਕਵੀਸ਼ਰੀ ਇਸਤਰੀ ਪਰੰਪਰਾਗਤ ਗੀਤ, ਕੁਇਜ਼ ਮੁਕਾਬਲਾ, ਆਰਟ ਐਂਡ ਕਰਾਫਟ ਮੁਕਾਬਲਾ, ਬਾਗ ਫੁਲਕਾਰੀ, ਦਸੂਤੀ ਆਦਿ ਮੁਕਾਬਲੇ ਹੋਣਗੇ। 6 ਨਵੰਬਰ (ਚੌਥਾ ਦਿਨ) ਗਰੁੱਪ ਫੋਕ ਡਾਂਸ, ਮਾਈਮ, ਸਕਿੱਟ, ਹੈਰੀਟੇਜ ਕੁਇਜ਼, ਆਨ ਦਾ ਸਪਾਟ ਪੇਂਟਿੰਗ, ਫੋਟੋਗ੍ਰਾਫੀ, ਕਲਾਜ਼ ਮੇਕਿੰਗ ਆਦਿ ਮੁਕਾਬਲੇ ਕਰਵਾਏ ਜਾਣਗੇ।

# ਭ੍ਰਿਸ਼ਟਾਚਾਰ ਦੇ ਖ਼ਾਤਮੇ ਲਈ ਆਪਣੇ ਆਪ ਤੋਂ ਕੀਤੀ ਜਾਵੇ ਸ਼ੁਰੂਆਤ : ਡਿਪਟੀ ਕਮਿਸ਼ਨਰ ਕੋਮਲ ਮਿੱਤਲ

**ਲੋਕ ਬਾਣੀ/ ਹੁਸ਼ਿਆਰਪੁਰ, 31 ਅਕਤੂਬਰ (ਅਜੈ ਜੁਲਕਾ/ਆਸ਼ੂ ਠਾਕੁਰ) :**

ਵਿਜੀਲੈਂਸ ਬਿਊਰੋ ਹੁਸ਼ਿਆਰਪੁਰ ਯੂਨਿਟ ਵੱਲੋਂ ਵਿਜੀਲੈਂਸ ਜਾਗਰੂਕਤਾ ਹਫ਼ਤੇ ਸਬੰਧੀ 'ਭ੍ਰਿਸ਼ਟਾਚਾਰ ਦਾ ਵਿਰੋਧ ਕਰੋ, ਦੇਸ਼ ਪ੍ਰਤੀ ਵਚਨਬੱਧ ਬਣੋ' ਥੀਮ ਤਹਿਤ ਅੱਜ ਐਸ. ਡੀ ਕਾਲਜ ਹੁਸ਼ਿਆਰਪੁਰ ਵਿਖੇ ਜ਼ਿਲ੍ਹਾ ਪੱਧਰੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਚੀਫ ਡਾਇਰੈਕਟਰ ਵਿਜੀਲੈਂਸ ਬਿਊਰੋ, ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਕਰਵਾਏ ਗਏ ਇਸ ਸੈਮੀਨਾਰ ਵਿਚ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਦਕਿ ਐਸ. ਐਸ. ਪੀ ਵਿਜੀਲੈਂਸ ਰਾਜੇਸ਼ਵਰ ਸਿੰਘ ਸਿੱਧੂ ਅਤੇ ਐਸ. ਐਸ. ਪੀ ਹੁਸ਼ਿਆਰਪੁਰ ਸਰਤਾਜ ਸਿੰਘ ਚਾਹਲ ਵਿਸ਼ੇਸ਼ ਮਹਿਮਾਨਾਂ ਵਜੋਂ ਹਾਜ਼ਰ ਹੋਏ। ਇਸ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸਮਾਜ ਵਿਚ ਪ੍ਰਚਲਿਤ ਭ੍ਰਿਸ਼ਟ ਕਾਰਵਾਈ ਦੀ ਅਸਰਦਾਰ ਰੋਕਥਾਮ ਲਈ ਬੇਝਿੱਜਕ ਸਾਰਿਆਂ ਨੂੰ ਅੱਗੇ ਆਉਣਾ ਚਾਹੀਦਾ ਹੈ, ਤਾਂ ਜੋ ਇਸ ਸਮਾਜਿਕ ਬੁਰਾਈ ਨੂੰ ਖਤਮ ਕੀਤਾ ਜਾ ਸਕੇ।




ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਸਮਾਗਮ ਦੌਰਾਨ ਮੌਜੂਦ ਸਰਕਾਰੀ ਅਧਿਕਾਰੀਆਂ, ਕਰਮਚਾਰੀਆਂ, ਵਿਦਿਆਰਥੀਆਂ, ਆਮ ਲੋਕਾਂ, ਸਮਾਜਿਕ ਪ੍ਰਤੀਨਿਧੀਆਂ ਆਦਿ ਨੂੰ ਭ੍ਰਿਸ਼ਟਾਚਾਰ ਦੇ ਖਾਤਮੇ ਲਈ ਆਪਣੇ ਆਪ ਤੋਂ ਸ਼ੁਰੂਆਤ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਸਾਰੇ ਪ੍ਰਣ ਲੈਣ ਕਿ ਉਹ ਕਿਸੇ ਵੀ ਤਰ੍ਹਾਂ ਦੀ ਭ੍ਰਿਸ਼ਟ ਕਾਰਵਾਈ ਦਾ ਹਿੱਸਾ ਨਹੀਂ ਬਣਨਗੇ ਅਤੇ ਇਸ ਤਰ੍ਹਾਂ ਦੀ ਕਾਰਵਾਈ ਸਾਹਮਣੇ ਆਉਣ 'ਤੇ ਸਮਰੱਥ ਅਥਾਰਟੀ ਨੂੰ ਰਿਪੋਰਟ ਕਰਨਗੇ। ਉਨ੍ਹਾਂ ਕਿਹਾ ਕਿ ਜ਼ਿੰਦਗੀ ਦੇ ਹਰ ਖੇਤਰ ਵਿਚ ਨੇਕ ਨੀਅਤੀ ਅਤੇ ਵਿਧੀ ਵਿਧਾਨ ਦਾ ਪਾਲਣ ਕਰਦੇ ਹੋਏ ਸਾਰੇ ਕੰਮ ਇਮਾਨਦਾਰੀ ਅਤੇ ਪੂਰੀ ਪਾਰਦਰਸ਼ਤਾ ਨਾਲ ਮੁਕੰਮਲ ਕੀਤੇ ਜਾਣ, ਤਾਂ ਜੋ ਲੋਕਾਂ ਨੂੰ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।

ਸੈਮੀਨਾਰ ਨੂੰ ਸੰਬੋਧਨ ਕਰਦਿਆਂ ਐਸ.ਐਸ.ਪੀ ਵਿਜੀਲੈਂਸ ਰਾਜੇਸ਼ਵਰ ਸਿੰਘ ਸਿੱਧੂ ਨੇ ਕਿਹਾ ਕਿ ਭ੍ਰਿਸ਼ਟਾਚਾਰ ਦੇ ਖਾਤਮੇ ਲਈ ਸਾਰੇ ਵਰਗਾਂ ਦਾ ਸਹਿਯੋਗ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦੇ ਸਹਿਯੋਗ ਨਾਲ ਇਸ ਸਮਾਜਿਕ ਬੁਰਾਈ ਨੂੰ ਸੁਚਾਰੂ ਢੰਗ ਨਾਲ ਰੋਕਿਆ ਜਾ ਸਕਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੇਕਰ ਕਿਤੇ ਵੀ ਇਸ ਤਰ੍ਹਾਂ ਦੀ ਕਾਰਵਾਈ ਉਨ੍ਹਾਂ ਦੇ ਧਿਆਨ ਵਿਚ ਆਉਂਦੀ ਹੈ, ਤਾਂ ਉਹ ਵਿਭਾਗ ਦੇ ਟੋਲ ਫਰੀ ਨੰਬਰ 1800-1800-1000, ਐਂਟੀ ਕਰੱਪਸ਼ਨ ਲਾਈਨ ਨੰਬਰ 95012-00200 ਜਾਂ ਵਿਜੀਲੈਂਸ ਬਿਊਰੋ ਦੇ ਨਜ਼ਦੀਕੀ ਦਫ਼ਤਰ ਵਿਚ ਇਸ ਦੀ ਜਾਣਕਾਰੀ ਦੇ ਸਕਦੇ ਹਨ।

ਐਸ. ਐਸ. ਪੀ ਸਰਤਾਜ ਸਿੰਘ ਚਾਹਲ ਨੇ ਇਸ ਮੌਕੇ ਬੋਲਦਿਆਂ ਕਿਹਾ ਕਿ ਸਾਰਿਆਂ ਦੀ ਇਹ ਨੈਤਿਕ ਜ਼ਿੰਮੇਵਾਰੀ ਬਣਦੀ ਹੈ ਕਿ ਦੇਸ਼, ਸਮਾਜ ਅਤੇ ਸਿਸਟਮ ਨੂੰ ਨੁਕਸਾਨ ਪਹੁੰਚਾਉਣ ਵਾਲੀਆਂ ਕਾਰਵਾਈਆਂ ਦੇ ਪ੍ਰਤੀ ਆਵਾਜ਼ ਬੁਲੰਦ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਭ੍ਰਿਸ਼ਟਾਚਾਰ ਕਿਸੇ ਵੀ ਕੀਮਤ 'ਤੇ ਬਰਦਾਸ਼ਤਯੋਗ ਨਹੀਂ ਹੈ, ਜਿਸ ਦੇ ਖਾਤਮੇ ਲਈ ਸਾਰੇ ਵਰਗਾਂ ਨੂੰ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ। ਡੀ.ਐਸ.ਪੀ ਵਿਜੀਲੈਂਸ ਮਨੀਸ਼ ਕੁਮਾਰ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦੇ ਹੋਏ ਸਾਰਿਆਂ ਨੂੰ ਭ੍ਰਿਸ਼ਟਾਚਾਰ ਖਿਲਾਫ਼ ਸਹੁੰ ਚੁਕਾਉਂਦੇ ਹੋਏ ਇਸਦੇ ਖਿਲਾਫ਼ ਖੜ੍ਹੇ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਇਸ ਬੁਰਾਈ ਨੂੰ ਪੂਰੀ ਤਰ੍ਹਾਂ ਖਤਮ ਕਰਨ ਵਿਚ ਵਿਦਿਆਰਥੀਆਂ ਤੇ ਨੌਜਵਾਨ ਵਰਗ ਅਹਿਮ ਭੂਮਿਕਾ ਨਿਭਾਅ ਸਕਦੇ ਹਨ।

ਇਸ ਮੌਕੇ ਐਸ.ਡੀ. ਕਾਲਜ ਪ੍ਰਬੰਧਕ ਕਮੇਟੀ ਹੁਸ਼ਿਆਰਪੁਰ ਦੇ ਪ੍ਰਧਾਨ ਹੇਮਾ ਸ਼ਰਮਾ, ਕਾਰਜਕਾਰੀ ਪ੍ਰਿੰਸੀਪਲ ਪ੍ਰੋ: ਪ੍ਰਸ਼ਾਂਤ ਸੇਠੀ, ਜ਼ਿਲ੍ਹਾ ਸਿਹਤ ਅਫ਼ਸਰ ਡਾ. ਲਖਵੀਰ ਸਿੰਘ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਸੀਮਾ ਗਰਗ, ਕੈਸ਼ੀਅਰ ਨੈਸ਼ਨਲ ਐਵਾਰਡੀ ਪ੍ਰਮੋਦ ਸ਼ਰਮਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਕਰਮਚਾਰੀ, ਕਾਲਜ ਸਟਾਫ਼, ਵਿਦਿਆਰਥੀ ਅਤੇ ਹੋਰ ਪਤਵੰਤੇ ਮੌਜੂਦ ਸਨ।

## ਸਤੀਸ਼ ਚੰਦਰ ਧਵਨ ਸਰਕਾਰੀ ਕਾਲਜ ਲੁਧਿਆਣਾ ਦੀ ਐੱਨਐੱਸਐੱਸ ਯੂਨਿਟ ਅਤੇ ਰੈੱਡ ਰਿਬਨ ਕਲੱਬ ਵੱਲੋਂ ਵਿਜੀਲੈਂਸ ਬਿਊਰੋ

**ਲੋਕ ਬਾਣੀ/ ਲੁਧਿਆਣਾ( ਸੁਖਚੈਨ ਮਹਿਰਾ)**

ਸਾਂਝੇ ਉਪਰਾਲੇ ਤਹਿਤ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਹ ਸੈਮੀਨਾਰ ਵਿਜੀਲੈਂਸ ਜਾਗਰੂਕਤਾ ਹਫ਼ਤੇ ਵਜੋਂ ਕਰਵਾਇਆ ਗਿਆ ਜਿਸ ਦੇ ਮੁੱਖ ਬੁਲਾਰੇ ਡੀ.ਐਸ.ਪੀ ਵਿਜੀਲੈਂਸ ਸ੍ਰੀ ਰਾਜਨ ਸ਼ਰਮਾ ਸਨ। ਕਾਲਜ ਦੇ ਪ੍ਰਿੰਸੀਪਲ ਪ੍ਰੋਫ਼ੈਸਰ (ਡਾ.) ਤਨਵੀਰ ਲਿਖਾਰੀ ਨੇ ਮੁੱਖ ਬੁਲਾਰੇ ਸ੍ਰੀ ਸ਼ਰਮਾ ਅਤੇ ਉਨ੍ਹਾਂ ਦੀ ਟੀਮ ਦਾ ਸਵਾਗਤ ਕੀਤਾ। ਵਿਜੀਲੈਂਸ ਜਾਗਰੂਕਤਾ ਸਪਤਾਹ ਤਹਿਤ ਕਰਵਾਏ ਗਏ ਇਸ ਲੈਕਚਰ ਵਿੱਚ ਸ੍ਰੀ ਰਾਜਨ ਸ਼ਰਮਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਚੌਕਸ ਰਹਿਣਾ ਸਾਡੀ ਨੈਤਿਕ ਅਤੇ ਸਮਾਜਿਕ ਜ਼ਿੰਮੇਵਾਰੀ ਹੈ। ਅਸੀਂ ਆਪਣੇ ਨਿੱਜੀ ਜੀਵਨ ਵਿੱਚ ਵੀ ਸੁਚੇਤ ਰਹਿੰਦੇ ਹਾਂ ਪਰ ਅੱਜ ਦੇ ਸਮੇਂ ਵਿੱਚ ਜਿਸ ਤਰ੍ਹਾਂ ਆਰਥਿਕ ਅਪਰਾਧ ਵੱਧ ਰਹੇ ਹਨ, ਇਸ ਸਮੇਂ ਵਿਸ਼ੇਸ਼ ਤੌਰ @ਤੇ ਸੁਚੇਤ ਰਹਿਣ ਦੀ ਲੋੜ ਹੈ ਤਾਂ ਜੋ ਅਸੀਂ ਖੁਦ ਆਰਥਿਕ ਅਪਰਾਧ ਤੋਂ ਸੁਚੇਤ ਹੋ ਕੇ ਉਸ ਅਪਰਾਧ ਦਾ ਹਿੱਸਾ ਬਣਨ ਤੋਂ ਬਚ ਸਕੀਏ ਅਤੇ ਇਸ ਤਰ੍ਹਾਂ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਵਿੱਚ ਪ੍ਰਸ਼ਾਸਨ ਦੀ ਮਦਦ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਵਿਜੀਲੈਂਸ ਬਿਊਰੋ ਪੰਜਾਬ ਇਸ ਆਰਥਿਕ ਅਪਰਾਧ ਨੂੰ ਰੋਕਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਪਰ ਲੋੜ ਹੈ ਕਿ ਸਮਾਜ ਦੇ ਹਰ ਨਾਗਰਿਕ ਨੂੰ ਵੀ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਕਾਲਜ ਦੀ ਐਨਐਸਐਸ ਟੀਮ ਦੇ ਕੋਆਰਡੀਨੇਟਰ ਡਾ: ਸੌਰਭ ਕੁਮਾਰ ਨੇ ਵਿਜੀਲੈਂਸ ਬਿਊਰੋ ਦੀ ਟੀਮ ਦਾ ਧੰਨਵਾਦ ਕੀਤਾ। ਇਸ ਪ੍ਰੋਗਰਾਮ ਵਿੱਚ ਕਾਲਜ ਦੇ 100 ਦੇ ਕਰੀਬ ਵਿਦਿਆਰਥੀਆਂ ਨੇ ਭਾਗ ਲਿਆ ਅਤੇ ÷ਰਾਸ਼ਟਰੀ ਏਕਤਾ ਦਿਵਸ÷ ਮੌਕੇ ਆਪਣੀ ਕੌਮੀ ਜ਼ਿੰਮੇਵਾਰੀ ਨਿਭਾਉਣ ਦੀ ਸਹੁੰ ਚੁੱਕੀ। ਇਸ ਮੌਕੇ ਪ੍ਰੋ: ਇਰਾਦੀਪ, ਪ੍ਰੋ: ਵਿਸ਼ਾਲ ਸ਼ਰਮਾ, ਡਾ: ਬਲਜਿੰਦਰ ਸਿੰਘ, ਡਾ: ਸੰਜੀਵ ਕੁਮਾਰ ਅਤੇ ਪ੍ਰੋ: ਰਜਨੀ ਹਾਜ਼ਰ ਸਨ ।

## ਗੁਰੂ ਨਾਨਕ ਮਿਸ਼ਨ ਸੇਵਾ ਸੁਸਾਇਟੀ ਵਲੋਂ ਸ਼ਰਧਾਲੂਆਂ ਦੇ ਲਗਾਤਾਰ ਚਾਰ ਜੱਥੇ ਕਰਤਾਰਪੁਰ ਸਾਹਿਬ (ਪਾਕਿ) ਵਿਖੇ ਹੋਏ ਨਤਮਸਤਕ

**ਲੋਕ ਬਾਣੀ/ ਸਹੀਦ ਭਗਤ ਸਿੰਘ ਨਗਰ 31 ਅਕਤੂਬਰ**

ਗੁਰੂ ਨਾਨਕ ਮਿਸ਼ਨ ਸੇਵਾ ਸੋਸਾਇਟੀ ਵਲੋਂ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਕਰਤਾਰਪੁਰ ਸਾਹਿਬ (ਪਾਕਿ:) ਦੇ ਦਰਸ਼ਨਾਂ ਲਈ ਚਾਰ ਅਲੱਗ ਅਲੱਗ ਜੱਥੇ ਰਵਾਨਾ ਕੀਤੇ ਗਏ। ਸ਼ਰਧਾਲੂਆਂ ਦਾ ਪਹਿਲਾ 45 ਮੈਂਬਰਾਂ ਦਾ ਜੱਥਾ ਸ: ਤਰੁਨਜੀਤ ਸਿੰਘ ਥਾਂਦੀ ਦੀ ਅਗਵਾਈ ਹੇਠ ਬੱਬਰ ਕਰਮ ਸਿੰਘ ਮੈਮੋਰੀਅਲ ਟਰੱਸਟ ਦੌਲਤਪੁਰ ਤੋਂ ਰਵਾਨਾ ਹੋਇਆ । ਇਹ ਜਥਾ ਦਰਸ਼ਨ ਦੀਦਾਰੇ ਕਰਕੇ ਦੇਰ ਰਾਤ ਵਾਪਿਸ ਪਰਤ ਆਇਆ। ਇਸ ਦੇ ਨਾਲ ਨਾਲ ਹੀ ਦੂਸਰਾ 65 ਮੈਂਬਰਾਂ ਦਾ ਜੱਥਾ ਵੀ 28 ਅਕਤੂਬਰ ਨੂੰ ਪਟਿਆਲਾ ਸ਼ਹਿਰ ਤੋਂ ਰਵਾਨਾ ਹੋਇਆ ਜਿਸ ਦੇ 25 ਮੈਂਬਰ ਵੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਅਸਥਾਨ ਗ: ਦਰਬਾਰ ਸਾਹਿਬ ਕਰਤਾਰਪੁਰ ਸਾਹਿਬ ਵਿਖੇ ਉਸੇ ਦਿਨ ਨਤਮਸਤਕ ਹੋਏ । ਬਾਕੀ 40 ਮੈਂਬਰ ਗੁ: ਸਾਹਿਬ ਡੇਰਾ ਬਾਬਾ ਨਾਨਕ ਵਿਖੇ ਰੁਕ ਕੇ ਅਗਲੇ ਦਿਨ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਲਈ ਰਵਾਨਾ ਹੋਏ । ਨਵਾਂਸ਼ਹਿਰ ਤੋਂ ਵੀ 42 ਮੈਂਬਰਾਂ ਦਾ ਇਕ ਹੋਰ ਜੱਥਾ ਰਵਾਨਾ ਕੀਤਾ ਗਿਆ।




ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖ਼ਬਰਾਂ, ਰਿਪੋਰਟਾਂ , ਲੇਖ , ਕਹਾਣੀਆਂ , ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ , ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖਬਾਰ ਇੰਨਾਂ ਨੂੰ ਤਸਦੀਕ ਨਹੀਂ ਕਰਦਾ । ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ । ਰੋਜ਼ਾਨਾ ਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ , ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ । ਖਬਰਾਂ ਪ੍ਰਤੀ ਜਿੰਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ ।

Daily Lok Bani (Punjabi) R.N.I. Punpun 29016 , 2008 Editor,Onwer , Printer, Publisher , Amandeep Mehra ,Printed at Rachna Printers , Railway Road Jalandhar Place of Publication : 308 Sangam Complex Milap Chowk , Jalandhar (India) , Contact No. : 0181-2211009 , Fax : 2211009 , Email Id : lokbani08@gmail.com